
Reshmi's Group
INDIAN FOOD DISTRIBUTOR
Haldiram's
AUTHENTIC INDIAN SNACKS
ORDER NOW
Haldiram's
Minute Khana
COCKTAIL SAMOSA
DELICIOUS AND CRISPY BITE SIZE PREPARATION FILLED WITH BOILED POTATOES AND SPICES
NET WEIGHT 1.4kg
MEDIUM
chutneys included
70
Haldiram's Cocktail Samosa 1.4kg
Crispy Bites, Big Flavor – Perfect for Every Occasion!
BUY NOW
For Wholesale Order at :
1120 Andover Park E,Tukwila, WA 98188,T: (206) 575-0050,
E: sales@reshmisgroup.com.


Mother's Day Event
GIVE MOM A GIFT AS UNIQUE AS HER LOVE
MOTHER'S DAY EVENT FROM MAY 1ST THRU MAY 10, 2026
ਮਦਰਜ਼ ਡੇਅ ਈਵੈਂਟ ਮਈ 1 ਤੋਂ ਮਈ 10, 2026 ਤੱਕ
BEST PRICES & SELECTION ON THE NEWEST STYLES
OF 22K JEWELRY FROM DUBAI
ਡੁਬਈ ਤੋਂ 22 ਕੈਰੇਟ ਦੀ ਜਿਊਲਰੀ ਦੇ ਨਵੇਂ ਸਟਾਈਲਾਂ ਤੇ ਵਧੀਆ ਕੀਮਤ ਅਤੇ ਸਿਲੈਕਸ਼ਨ
ਮਦਰਜ਼ ਡੇਅ
ਸਪੈਸ਼ਲ
ਖਰੀਦ ਕਰਨ ਤੇ
ਫਰੀ ਗਿਫਟ
*ਹਰ ਗਾਹਕ ਲਏ/ਹਰੇਕ ਖਰੀਦ ਤੇ
ਜਦੋਂ ਤੱਕ ਸਪਲਾਈ ਉਪਲਬਧ
All Diamond Jewelry on Sale!
up to 60% Off
ਡਾਇਮੰਡ ਦੀ ਸਾਰੀ ਜਿਊਲਰੀ ਤੇ ਸੇਲ!
MOTHER'S DAY
SPECIAL
FREE GIFT WITH
PURCHASE*
*One per customer per purchase,
while supplies last.
EASY FINANCING AVAILABLE
ਸੌਖੀ ਫਾਇਨੈਂਸਿੰਗ ਉਪਲਬਧ
Shop 2 Locations in Kent, WA For the best 22k Selection and Price!
22 ਕੈਰੇਟ ਦੀ ਵਧੀਆ ਸਿਲੈਕਸ਼ਨ ਅਤੇ ਕੀਮਤ ਲਈ ਕੈਂਟ ਵਾਸ਼ਿੰਗਟਨ ਵਿਚ 2 ਲੁਕੇਸ਼ਨਾਂ ਤੇ ਸ਼ਾਪਿੰਗ ਕਰੋ
WE
BUY GOLD
HIGHEST
PRICES PAID
ਅਸੀਂ ਮਹਿੰਗੀ
ਕੀਮਤ ਤੇ
ਸੋਨਾ ਖਰੀਦਦੇ ਹਾਂ
TAJ JEWELERS
ਤਾਜ਼ ਜਿਊਲਰਜ਼
253-981-3071
10120 SE 260th ST #110
Kent, WA 98030
TAJ GOLD & DIAMOND JEWELERS
ਤਾਜ਼ ਗੋਲਡ & ਡਾਇਮੰਡ ਜਿਊਲਰਜ਼
253-236-2757
25619 104th Ave SE
Kent, WA 98030
TRADE YOUR
OLD GOLD
FOR NEW JEWELRY
ਆਪਣੇ ਪੁਰਾਣੇ
ਗਹਿਣਿਆਂ ਬਦਲੇ
ਨਵੇਂ ਫੈਸ਼ਨ ਦੇ
ਗਹਿਣੇ ਲਉ

# ਭਾਜਪਾ ਦੀ ਬੰਗਾਲ ਦੀ ਜਿੱਤ ਤੋਂ ਬਾਅਦ ਭਗਵੰਤ ਮਾਨ ਨੇ ਮੋਦੀ ਨੂੰ ਲਲਕਾਰਿਆ



ਮੁਹਾਲੀ:ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਨੇ ਚੋਣ ਨਤੀਜਿਆਂ ਬਾਰੇ ਬੋਲਦਿਆਂ ਕਿਹਾ, “ਮੈਨੂੰ ਪਤਾ ਲੱਗਾ ਹੈ ਕਿ ਪੱਛਮੀ ਬੰਗਾਲ ਵਿੱਚ ਭਾਜਪਾ ਆ ਗਈ, ਅਸਾਮ ਵਿੱਚ ਪਹਿਲਾਂ ਹੀ ਭਾਜਪਾ ਸੀ, ਪੁੱਡੂਚੇਰੀ ਵਿੱਚ ਭਾਜਪਾ ਹੈ, ਤਾਮਿਲਨਾਡੂ ਵਿੱਚ ਵੀ ਕੋਈ ਬਦਲ ਹੋਇਆ।ਮਾਨ ਨੇ ਕਿਹਾ, “ਪੰਜਾਬ ਵਿੱਚ ਬਦਲਾਅ ਤਾਂ ਪਹਿਲਾਂ ਹੀ ਹੋਇਆ ਹੈ।ਭਾਜਪਾ ਸੋਚੇ ਨਾ ਕਿ ਅਸੀਂ ਪੰਜਾਬ ਵਿੱਚ ਵੋਟਾਂ ਇੰਝ ਕਰ ਲਵਾਂਗੇ ਜਾਂ ਉਂਝ ਕਰ ਲਵਾਂਗੇ। ਪੰਜਾਬੀ ਹਾਂ ਅਸੀਂ, ਜਿਹੜੀ ਗੱਲ ‘ਤੇ ਅੜ੍ਹ ਗਏ, ਤਾਂ ਅੜ੍ਹ ਗਏ। ਜਿੱਥੇ ਖੜ੍ਹ ਗਏ, ਉੱਥੇ ਖੜ੍ਹ ਗਏ।ਉਨ੍ਹਾਂ ਨੇ ਕਿਹਾ, “ਪੰਜਾਬ ਵਿੱਚ ਭਾਜਪਾ ਨੇ ਅੱਗੇ ਬਹੁਤ ਨੁਕਸਾਨ ਕੀਤਾ। ਉਨ੍ਹਾਂ ਨੇ ਪੰਜਾਬ ਦੇ ਹੱਕ ਦੀ ਕਦੇ ਗੱਲ ਤੱਕ ਨਹੀਂ ਕੀਤੀ। ਪੰਜਾਬ ਦੀ ਧਰਤੀ ਕਿਸਾਨਾਂ ਦੀ ਅਤੇ ਯੋਧਿਆਂ ਦੀ ਧਰਤੀ ਹੈ। ਲੋਕ ਇਸ ਤਰ੍ਹਾਂ ਦੇ ਝਾਂਸਿਆਂ ਵਿੱਚ ਨਹੀਂ ਆਉਂਦੇ। ਪੰਜਾਬ ਦੇ ਲੋਕ ਬਹੁਤ ਸਿਆਣੇ, ਸਿਆਸੀ ਤੌਰ ‘ਤੇ ਜਾਗਰੂਕ ਹਨ, ਉਹ ਇਸ ਤਰ੍ਹਾਂ ਵੋਟ ਨਹੀਂ ਪਾਉਂਦੇ।

## ਪੱਛਮੀ ਬੰਗਾਲ ‘ਤੇ ਭਗਵਾਂ ਰੰਗ ਚੜ੍ਹਿਆ
## ਦੱਖਣ ਨੇ ਹੱਲਾ ਪਛਾੜਿਆ

ਨਵੀਂ ਦਿੱਲੀ:ਸੈਕੂਲਰਿਜ਼ਮ ਦਾ ਗੜ੍ਹ ਰਿਹਾ ਪੱਛਮੀ ਬੰਗਾਲ ਸੋਮਵਾਰ ਭਾਜਪਾ ਦੀ ਵੱਡੀ ਜਿੱਤ ਨਾਲ ਭਗਵੇਂ ਰੰਗ ਵਿੱਚ ਰੰਗਿਆ ਗਿਆ, ਪਰ ਦੱਖਣ ਦੇ ਵੱਡੇ ਰਾਜਾਂ ਤਾਮਿਲਨਾਡੂ ਤੇ ਕੇਰਲਾ ਨੇ ਅੰਧ-ਰਾਸ਼ਟਰਵਾਦ ਦੇ ਹੱਲੇ ਨੂੰ ਪਛਾੜ ਦਿੱਤਾ। ਤਾਮਿਲਨਾਡੂ ਵਿੱਚ ਹੀਰੋ ਵਿਜੇ ਦੀ ਟੀ ਵੀ ਕੇ ਪਾਰਟੀ ਨੇ ਪਹਿਲੀ ਵਾਰ ਚੋਣ ਲੜ ਕੇ ਤਹਿਲਕਾ ਮਚਾ ਦਿੱਤਾ।ਉਸ ਨੇ ਦੋਹਾਂ ਵੱਡੀਆਂ ਦ੍ਰਾਵਿੜ ਪਾਰਟੀਆਂ ਡੀ ਐੱਮ ਕੇ ਤੇ ਅੰਨਾ ਡੀ ਐੱਮ ਕੇ ਨੂੰ ਬੇਦਖਲ ਕਰ ਦਿੱਤਾ।ਕੇਰਲਾ ਵਿੱਚ ਕਾਂਗਰਸ ਦੀ ਅਗਵਾਈ ਵਾਲੇ ਯੂਨਾਈਟਿਡ ਡੈਮੋਕਰੇਟਿਕ ਫਰੰਟ (ਯੂ ਡੀ ਐੱਫ) ਨੇ 10 ਸਾਲ ਤੋਂ ਰਾਜ ਕਰ ਰਹੇ ਲੈੱਫਟ ਡੈਮੋਕਰੇਟਿਕ ਫਰੰਟ ਨੂੰ ਹਰਾ ਕੇ ਵਾਪਸੀ ਕੀਤੀ, ਜਦਕਿ ਆਸਾਮ ਵਿੱਚ ਭਾਜਪਾ ਪਹਿਲਾਂ ਨਾਲੋਂ ਵੱਡੇ ਫਰਕ ਨਾਲ ਲਗਾਤਾਰ ਤੀਜੀ ਵਾਰ ਸੱਤਾ ‘ਚ ਆ ਗਈ। ਪੁਡੂਚੇਰੀ ਵਿੱਚ ਵੀ ਭਾਜਪਾ ਨਾਲ ਮਿਲ ਕੇ ਚੱਲਣ ਵਾਲੀ ਮੁੱਖ ਮੰਤਰੀ ਐੱਨ ਰੰਗਾਸਵਾਮੀ ਦੀ ਪਾਰਟੀ ਆਲ ਇੰਡੀਆ ਐੱਨ ਆਰ ਕਾਂਗਰਸ ਕਾਮਯਾਬ ਹੋ ਗਈ ਹੈ।

## ਬੰਗਾਲ ਤੋਂ ਬਾਅਦ ਹੁਣ ਪੰਜਾਬ ਵਿੱਚ ਸਰਕਾਰ ਬਣਾਵੇਗੀ ਭਾਜਪਾ:ਜਾਖੜ

ਚੰਡੀਗੜ੍ਹ;-ਪੱਛਮੀ ਬੰਗਾਲ ਵਿੱਚ ਭਾਜਪਾ ਦੇ ਸਪਸ਼ਟ ਬਹੁਮਤ ਹਾਸਿਲ ਕਰਨ ਨੂੰ ਲੈ ਕੇ ਭਾਜਪਾਈਆਂ ਵਿੱਚ ਖੁਸ਼ੀ ਦੀ ਲਹਿਰ ਪਾਈ ਜਾ ਰਹੀ ਹੈ ਜਿਨ੍ਹਾਂ ਨੇ ਚੰਡੀਗੜ੍ਹ ਦੇ ਸੈਕਟਰ 37 ਸਥਿਤ ਪਾਰਟੀ ਦੇ ਸੂਬਾਈ ਦਫਤਰ ਵਿੱਚ ਪਹੁੰਚ ਕੇ ਭੰਗੜੇ ਪਾਏ ਅਤੇ ਇੱਕ ਦੂਜੇ ਦਾ ਲੱਡੂ ਖਵਾ ਕੇ ਮੂੰਹ ਮਿੱਠਾ ਕਰਵਾਇਆ। ਇਸ ਮੌਕੇ ਪੰਜਾਬ ਭਾਜਪਾ ਦੇ ਪ੍ਰਧਾਨ ਸੁਨੀਲ ਜਾਖੜ ਵਿਸ਼ੇਸ਼ ਤੌਰ ‘ਤੇ ਪਹੁੰਚੇ।ਸੁਨੀਲ ਜਾਖੜ ਨੇ ਕਿਹਾ ਕਿ ਪੱਛਮੀ ਬੰਗਾਲ ਦੇ ਲੋਕਾਂ ਨੇ ਮਾਫੀਆ, ਨਸ਼ਿਆਂ ਅਤੇ ਭ੍ਰਿਸ਼ਟਾਚਾਰ ਖਿਲਾਫ ਵੋਟ ਪਾਈ ਹੈ, ਉਸੇ ਤਰ੍ਹਾਂ ਹੁਣ ਪੰਜਾਬ ਦੀ ਵਾਰੀ ਹੈ। ਉਨ੍ਹਾਂ ਦਾਅਵਾ ਕੀਤਾ ਕਿ ਪੰਜਾਬ ਵਿੱਚੋਂ ਭ੍ਰਿਸ਼ਟਾਚਾਰ, ਗੈਂਗਸਟਰਵਾਦ ਅਤੇ ਨਸ਼ਿਆਂ ਦਾ ਖਾਤਮਾ ਭਾਜਪਾ ਹੀ ਕਰ ਸਕਦੀ ਹੈ। ਇਸ ਲਈ ਹੁਣ ਪੰਜਾਬ ਦੇ ਲੋਕ ਭਾਜਪਾ ਨੂੰ ਵੋਟ ਪਾ ਕੇ ਕਾਮਯਾਬ ਕਰਨਗੇ।

**ਆਪਣੇ ਵਪਾਰ ਦੇ ਵਾਧੇ ਲਈ ਇਸ਼ਤਿਹਾਰ ਪਾਉਣ ਲਈ ਫੋਨ ਕਰੋ:604-590-5200**

TUKWILA DENTAL CENTER
NEW PATIENTS & EMERGENCIES WELCOME
GENERAL DENTISTRY FOR ALL AGES
*A Caring Team for You & Your Family*
Most Crowns and Bridges are made same day with our CAD/CAM System

- General Dentistry
- Bridges
- Fillings
- Dentures
- Dental Implants
- Crowns
- Cosmetic Dentistry
- Sealants
- Treatment of Gum Disease
- Oral Surgery
- Root Canals



HARCHAND SINGH DDS PS, SARAA ABDULATEEF DDS MS, ABRAAM ABRAMOV LD, MUKTA SINGH DDS, TANVEER S BUTTAR DDS

| Hours : | | |
|---|---|---|
| | Monday | 9AM - 6PM |
| | Tuesday | 9AM - 6PM |
| | Wednesday | 9AM - 6PM |
| | Thursday | 9AM - 6PM |
| | Friday | 8AM - 4PM |

*(Fellow & Master Academy of General Dentistry)*
DENTAL LAB ON PREMISES

13955 Interurban Ave So, Tukwila, WA 98168
www.tukwiladentalcenter.com Email: tukwiladentalcenter@comcast.net
Ph: 206-431-0953, 206-241-0454, Fax: 206-439-6860

Complete Dental Care

New & Emergency Patients Welcome

-Family & Cosmetic Dentistry
-Root Canals, Wisdom Teeth Removal, Metal-free Restorations
-Bleeching, Veneer, Bonding
-Preventive & Pediatric Dentistry




ਹਰ ਤਰਾਂ ਦੇ ਦੰਦਾਂ ਦਾ ਇਲਾਜ਼ ਕਰਵਾਉਣ ਲਈ ਸੰਪਰਕ ਕਰੋ

Dr. Manpreet Dhaliwal
Dr. Navdeep Dhaliwal
Dr. Donald Hainer

Complete DENTAL CARE

Ph: 253-854-2714
SUITE #1, 10725 SE 256TH ST, KENT, WA




# 13ਵਾਂ ਸਾਲਾਨਾ ਨਗਰ ਕੀਰਤਨ (23 ਮਈ 2026)

### ਖ਼ਾਲਸਾ ਅਕਾਲ ਪੁਰਖ ਕੀ ਫ਼ੌਜ। ਪ੍ਰਗਟਿਓ ਖ਼ਾਲਸਾ ਪ੍ਰਮਾਤਮ ਕੀ ਮੌਜ ॥

## ਖਾਲਸਾ ਸਾਜਨਾ ਦਿਵਸ ਨੂੰ ਸਮਰਪਿੱਤ

## 23 ਮਈ ਦਿਨ ਸ਼ਨਿੱਚਰਵਾਰ ਸ਼ੋਵੇਅਰ ਸੈਂਟਰ ਵਿਖੇ

**@ Showare Centre 625 West James St, Kent, WA 98032**



YouTube LIVE STREAM
&
LIVE STREAMING Sadda SADDA TV






ਸਿੰਘ ਸਾਹਿਬ
ਗਿਆਨੀ ਰਾਮ ਸਿੰਘ ਜੀ
ਖਾਲਸਾ
(ਮੁਖੀ ਦਮਦਮੀ ਟਕਸਾਲ
ਭਿੰਡਰਾਂਵਾਲੇ)

ਢਾਡੀ ਜਥਾ
ਗਿਆਨੀ
ਸੰਦੀਪ ਸਿੰਘ
ਜੀ ਲੋਹਾਰਾ
ਐਲ. ਏ. ਵਾਲੇ



ਸ਼ੋਵੇਅਰ ਸੈਂਟਰ ਵਿਖੇ ਸਵੇਰੇ 8 ਵਜੇ ਤੋਂ ਦੁਪਹਿਰ 2 ਵਜੇ ਤੱਕ ਦੀਵਾਨ ਸਜੇਗਾ। ਦੁਪਹਿਰ 2 ਵਜੇ ਤੋਂ 5 ਵਜੇ ਤੱਕ ਨਗਰ ਕੀਰਤਨ ਨਿਕਲੇਗਾ ਜੀ, ਜਿਸ ਵਿੱਚ ਹਜੂਰੀ ਰਾਗੀ ਜਥੇ ਭਾਈ ਜਰਨੈਲ ਸਿੰਘ ਜੀ, ਭਾਈ ਵਰਿਆਮ ਸਿੰਘ ਜੀ, ਹੈਡ ਗ੍ਰੰਥੀ ਗਿ: ਦਰਸ਼ਨ ਸਿੰਘ ਜੀ ਅਤੇ ਢਾਡੀ ਜਥਾ ਸੰਦੀਪ ਸਿੰਘ ਜੀ ਲੋਹਾਰਾ ਅਤੇ ਸਿੰਘ ਸਾਹਿਬ ਗਿਆਨੀ ਰਾਮ ਸਿੰਘ ਜੀ ਖਾਲਸਾ ਮੁਖੀ ਦਮਦਮੀ ਟਕਸਾਲ ਭਿੰਡਰਾਂਵਾਲੇ ਵਿਸ਼ੇਸ਼ ਤੌਰ ਤੇ ਹਾਜਰੀ ਭਰਨਗੇ ਜੀ।

**ਸਮੂਹ ਸਾਧ ਸੰਗਤ ਜੀ ਨੂੰ ਬੇਨਤੀ ਹੈ ਕਿ ਇਹਨਾਂ ਮਹਾਨ ਸਮਾਗਮਾਂ ਵਿੱਚ ਤਨ, ਮਨ, ਅਤੇ ਧਨ ਨਾਲ ਸੇਵਾ ਕਰਕੇ ਗੁਰੂ ਸਾਹਿਬ ਜੀ ਦੀਆਂ ਖੁਸ਼ੀਆਂ ਪ੍ਰਾਪਤ ਕਰੋ ਜੀ।**

**ਸ਼ੋਵੇਅਰ ਸੈਂਟਰ ਵਿਖੇ ਖਾਣ-ਪੀਣ ਦੇ ਸਟਾਲ ਲਗਾਏ ਜਾਣਗੇ ਜੀ।**

**ਵਲੋਂ : ਪ੍ਰਬਧੰਕ ਸੇਵਾਦਾਰ ਗੁਰਦੁਆਰਾ ਸਿੰਘ ਸਭਾ ਵਾਸ਼ਿੰਗਟਨ, ਰੈਂਟਨ**
**5200 Talbot Road South, Renton (Seattle) Ph. No. 425 226 2277**

# ਅਮਰੀਕਾ ਵੱਲੋਂ ਜਰਮਨੀ ਤੋਂ 5 ਹਜ਼ਾਰ ਸੈਨਿਕਾਂ ਨੂੰ ਵਾਪਸ ਬੁਲਾਉਣ ਦੀ ਤਿਆਰੀ

ਵਾਸ਼ਿੰਗਟਨ, -ਅਮਰੀਕਾ ਅਗਲੇ 6 ਤੋਂ 12 ਮਹੀਨਿਆਂ ਦੇ ਅੰਦਰ ਜਰਮਨੀ ਤੋਂ ਆਪਣੇ ਲਗਭਗ 5,000 ਸੈਨਿਕਾਂ ਨੂੰ ਵਾਪਸ ਬੁਲਾਉਣ ਦੀ ਤਿਆਰੀ ਕਰ ਰਿਹਾ ਹੈ। ਪੈਂਟਾਗਨ ਵੱਲੋਂ ਦਿੱਤੀ ਗਈ ਇਸ ਜਾਣਕਾਰੀ ਅਨੁਸਾਰ, ਇਹ ਕਦਮ ਰਾਸ਼ਟਰਪਤੀ ਡੋਨਾਲਡ ਟਰੰਪ ਦੀ ਉਸ ਧਮਕੀ ਦੇ ਅਨੁਰੂਪ ਹੈ, ਜੋ ਉਨ੍ਹਾਂ ਨੇ ਈਰਾਨ ਨਾਲ ਚੱਲ ਰਹੇ ਟਕਰਾਅ ਦੌਰਾਨ ਜਰਮਨ ਨੇਤਾਵਾਂ ਨਾਲ ਮਤਭੇਦਾਂ ਕਾਰਨ ਦਿੱਤੀ ਸੀ।ਇਸ ਫੈਸਲੇ ਦਾ ਮੁੱਖ ਕਾਰਨ ਰਾਸ਼ਟਰਪਤੀ ਟਰੰਪ ਅਤੇ ਜਰਮਨ ਚਾਂਸਲਰ ਫ੍ਰੈਡਰਿਕ ਮਰਜ਼ ਵਿਚਕਾਰ ਪੈਦਾ ਹੋਈ ਤਲਖੀ ਨੂੰ ਮੰਨਿਆ ਜਾ ਰਿਹਾ ਹੈ। ਚਾਂਸਲਰ ਮਰਜ਼ ਨੇ ਈਰਾਨ ਦੇ ਮੁੱਦੇ 'ਤੇ ਅਮਰੀਕੀ ਰਣਨੀਤੀ ਦੀ ਆਲੋਚਨਾ ਕਰਦਿਆਂ ਕਿਹਾ ਸੀ ਕਿ ਅਮਰੀਕਾ ਨੂੰ "ਅਪਮਾਨਿਤ" ਕੀਤਾ ਜਾ ਰਿਹਾ ਹੈ, ਜਿਸ ਤੋਂ ਬਾਅਦ ਟਰੰਪ ਨੇ ਨਾਟੋ ਸਹਿਯੋਗੀ ਜਰਮਨੀ ਤੋਂ ਫੌਜਾਂ ਹਟਾਉਣ ਦੀ ਚਿਤਾਵਨੀ ਦਿੱਤੀ ਸੀ।ਪੈਂਟਾਗਨ ਦੇ ਬੁਲਾਰੇ ਸ਼ਾਨ ਪਾਰਨੇਲ ਨੇ ਸਪੱਸ਼ਟ ਕੀਤਾ ਕਿ ਇਹ ਫੈਸਲਾ ਯੂਰਪ ਵਿਚ ਵਿਭਾਗ ਦੀ ਫੌਜੀ ਸਥਿਤੀ ਦੀ ਡੂੰਘੀ ਸਮੀਖਿਆ ਤੋਂ ਬਾਅਦ ਲਿਆ ਗਿਆ ਹੈ। ਉਨ੍ਹਾਂ ਕਿਹਾ ਕਿ ਇਹ ਫੈਸਲਾ ਜੰਗੀ ਖੇਤਰ ਦੀਆਂ ਲੋੜਾਂ ਅਤੇ ਜ਼ਮੀਨੀ ਹਾਲਾਤਾਂ ਨੂੰ ਧਿਆਨ ਵਿਚ ਰੱਖਦਿਆਂ ਲਿਆ ਗਿਆ ਹੈ। ਦੱਸਣਯੋਗ ਹੈ ਕਿ ਜਰਮਨੀ ਵਿਚ ਅਮਰੀਕਾ ਦੇ ਕਈ ਮਹੱਤਵਪੂਰਨ ਫੌਜੀ ਅੱਡੇ, ਰਾਮਸਟੀਨ ਏਅਰਬੇਸ ਅਤੇ ਮੈਡੀਕਲ ਸੈਂਟਰ ਮੌਜੂਦ ਹਨ।


ਹੁਣ ਕੈਂਟ ਵਿੱਚ ਵਿਜੈ ਜਿਊਲਰਜ਼ ਨੇ ਆਪਣੀ ਨਵੀਂ ਦੁਕਾਨ ਖੋਲ੍ਹ ਦਿੱਤੀ ਹੈ

Vijay JEWELLERS INC.

Specializing in 22K Gold




ਸੋਨੇ ਦੀਆਂ ਬਾਰਾਂ ਸਪੈਸ਼ਲ ਕੀਮਤਾਂ ਤੇ ਮਿਲਦੀਆਂ ਹਨ

ਹਰੇਕ ਤਰ੍ਹਾਂ ਦੇ ਨਗ ਸਰਟੀਫਾਈਡ ਮਿਲਦੇ ਹਨ



ਅਨੇਕਾਂ ਪ੍ਰਕਾਰ ਦੇ ਗਹਿਣੇ ਲੇਟੈਸਟ ਡਿਜਾਈਨਾਂ ਵਿਚ ਲਵੋ

ਅਸੀਂ ਹਰ ਤਰਾਂ ਦੇ ਗਹਿਣੇ ਰਿਪੇਅਰ ਵੀ ਕਰਦੇ ਹਾਂ

Naman Dhawan
856-325-9919, 253-277-3854

Vijay Dhawan
253-656-2666


25416 104th Ave SE, Kent, WA 98030, USA

www.vijayjewellersseattle.com vijayjewellersinc@gmail.com

# ਲੋਕ ਸਭਾ ਮੈਂਬਰ ਗੁਰਮੀਤ ਸਿੰਘ ਮੀਤ ਹੇਅਰ ਨੇ ਭਾਜਪਾ ਨੂੰ ਲਲਕਾਰਿਆ

## ਲਗਭਗ 90 ਲੱਖ ਵੋਟਾਂ ਇੱਕ ਯੋਜਨਾਬੱਧ ਤਰੀਕੇ ਨਾਲ ਕੱਟੀਆਂ ਗਈਆਂ':ਮਨਮੀਤ ਹੇਅਰ

ਬਰਨਾਲਾ: 'ਆਮ ਆਦਮੀ ਪਾਰਟੀ' ਦੇ ਸੰਸਦ ਮੈਂਬਰ ਗੁਰਮੀਤ ਸਿੰਘ ਮੀਤ ਹੇਅਰ ਨੇ ਕਿਹਾ ਕਿ ਬੰਗਾਲ ਵਿੱਚ ਜੋ ਕੁਝ ਹੋਇਆ, ਉਸ ਤੋਂ ਸਾਰਾ ਦੇਸ਼ ਜਾਣੂ ਹੈ। ਇੱਕ ਪਾਸੇ ਮਮਤਾ ਬੈਨਰਜੀ ਇਕੱਲੀ ਸੀ ਅਤੇ ਦੂਜੇ ਪਾਸੇ ਈ.ਡੀ., ਸੀ.ਬੀ.ਆਈ., ਚੋਣ ਕਮਿਸ਼ਨ ਅਤੇ ਸਾਰੀ ਸਰਕਾਰੀ ਮਸ਼ੀਨਰੀ ਝੋਕ ਦਿੱਤੀ ਗਈ ਸੀ। ਬੰਗਾਲ ਵਿੱਚ ਲੋਕਤੰਤਰ ਅਤੇ ਸੰਵਿਧਾਨ ਦੀਆਂ ਧੱਜੀਆਂ ਉਡਾਈਆਂ ਗਈਆਂ।ਉਨ੍ਹਾਂ ਅੱਗੇ ਕਿਹਾ ਕਿ ਉੱਥੇ ਤਕਰੀਬਨ 90 ਲੱਖ ਵੋਟਾਂ ਕੱਟ ਦਿੱਤੀਆਂ ਗਈਆਂ। ਇਹ ਵੋਟਾਂ ਬੜੀ ਸਾਜ਼ਿਸ਼ ਨਾਲ ਉਨ੍ਹਾਂ ਹਲਕਿਆਂ ਵਿੱਚੋਂ ਕੱਟੀਆਂ ਗਈਆਂ ਜਿੱਥੇ ਪਿਛਲੀ ਵਾਰ ਭਾਜਪਾ ਬਹੁਤ ਘੱਟ ਫਰਕ ਨਾਲ ਹਾਰੀ ਸੀ। ਜਿੱਥੇ 10-15 ਹਜ਼ਾਰ ਦਾ ਅੰਤਰ ਸੀ, ਉੱਥੇ 25 ਤੋਂ 50 ਹਜ਼ਾਰ ਤੱਕ ਵੋਟਾਂ ਕੱਟ ਦਿੱਤੀਆਂ ਗਈਆਂ। ਇਹ ਵੋਟਾਂ ਖ਼ਾਸ ਤੌਰ 'ਤੇ ਉਨ੍ਹਾਂ ਲੋਕਾਂ ਦੀਆਂ ਸਨ ਜਿਨ੍ਹਾਂ ਬਾਰੇ ਪਤਾ ਸੀ ਕਿ ਉਹ ਮਮਤਾ ਬੈਨਰਜੀ ਜਾਂ ਵਿਰੋਧੀ ਧਿਰ ਨੂੰ ਵੋਟ ਪਾਉਣਗੇ।



ਮੀਤ ਹੇਅਰ ਨੇ ਸਵਾਲ ਚੁੱਕਦਿਆਂ ਕਿਹਾ ਕਿ ਇੱਕ ਸੂਬੇ ਵਿੱਚ 90 ਲੱਖ ਵੋਟਾਂ ਕੱਟ ਦੇਣੀਆਂ ਅਤੇ ਈ.ਡੀ. ਰਾਹੀਂ ਸੈਂਕੜੇ ਰੇਡਾਂ ਕਰਵਾਉਣੀਆਂ ਸਿਰਫ਼ ਸਿਆਸੀ ਬਦਲਾਖੋਰੀ ਹੈ। ਉਨ੍ਹਾਂ ਦੇ ਪੋਲੀਟੀਕਲ ਮੈਨੇਜਰ (I-PAC) ਨੂੰ 12 ਅਪ੍ਰੈਲ ਨੂੰ ਗ੍ਰਿਫ਼ਤਾਰ ਕੀਤਾ ਗਿਆ, ਪਰ ਜਦੋਂ ਚੋਣਾਂ ਖ਼ਤਮ ਹੋਈਆਂ ਤਾਂ 30 ਅਪ੍ਰੈਲ ਨੂੰ ਹੇਠਲੀ ਅਦਾਲਤ ਨੇ ਉਸ ਨੂੰ ਜ਼ਮਾਨਤ ਦੇ ਦਿੱਤੀ। ਆਮ ਤੌਰ 'ਤੇ ਈ.ਡੀ. ਦੇ ਕੇਸਾਂ ਵਿੱਚ ਸੁਪਰੀਮ ਕੋਰਟ ਤੋਂ ਪਹਿਲਾਂ ਜ਼ਮਾਨਤ ਨਹੀਂ ਮਿਲਦੀ, ਪਰ ਇੱਥੇ ਜਾਂਚ ਏਜੰਸੀ ਨੇ ਖ਼ੁਦ ਕਹਿ ਦਿੱਤਾ ਕਿ ਸਾਨੂੰ ਹੁਣ ਇਸ ਦੀ ਲੋੜ ਨਹੀਂ ਹੈ। ਇਸ ਤੋਂ ਸਾਫ਼ ਜ਼ਾਹਿਰ ਹੈ ਕਿ ਇਹ ਸਭ ਸਿਰਫ਼ ਚੋਣਾਂ ਪ੍ਰਭਾਵਿਤ ਕਰਨ ਲਈ ਕੀਤਾ ਗਿਆ ਸੀ। ਉਨ੍ਹਾਂ ਕਿਹਾ ਕਿ ਉਮੀਦਵਾਰਾਂ ਦੀਆਂ ਟੀਮਾਂ ਅਤੇ ਦਫ਼ਤਰੀ ਸਟਾਫ਼ ਨੂੰ ਗ੍ਰਿਫ਼ਤਾਰ ਕਰਕੇ ਭਾਜਪਾ ਨੇ ਚੋਣਾਂ ਜਿੱਤੀਆਂ ਨਹੀਂ, ਸਗੋਂ ਚੋਣਾਂ ਲੁੱਟੀਆਂ ਹਨ। ਦੇਸ਼ ਵਿੱਚ ਜੋ ਮਾਹੌਲ ਬਣ ਰਿਹਾ ਹੈ, ਉਹ ਲੋਕਤੰਤਰ ਲਈ 'ਕਾਲਾ ਦਿਨ' ਹੈ। ਅੱਜ ਦੇਸ਼ ਵਾਸੀਆਂ ਨੂੰ ਜਾਗਣ ਦੀ ਲੋੜ ਹੈ। ਪਾਕਿਸਤਾਨ ਦੀ ਉਦਾਹਰਣ ਦਿੰਦਿਆਂ ਉਨ੍ਹਾਂ ਕਿਹਾ ਕਿ ਉੱਥੇ ਸੰਵਿਧਾਨਕ ਸੰਸਥਾਵਾਂ ਦੀ ਮਰਿਆਦਾ ਖ਼ਤਮ ਹੋਣ ਕਾਰਨ ਅੱਜ ਸਭ ਕੁਝ ਫੌਜ ਅਤੇ ਖ਼ਾਸ ਲੋਕਾਂ ਦੇ ਕੰਟਰੋਲ ਵਿੱਚ ਹੈ। ਭਾਰਤ ਵਿੱਚ ਵੀ ਸੰਸਥਾਵਾਂ ਦੀ ਆਪਣੀ ਇੱਕ ਗਰਿਮਾ ਹੁੰਦੀ ਸੀ, ਪਰ ਅੱਜ ਦੋ ਲੋਕ ਪੂਰੇ ਦੇਸ਼ ਨੂੰ ਡਿਕਟੇਟਰਸ਼ਿਪ ਵੱਲ ਲੈ ਕੇ ਜਾ ਰਹੇ ਹਨ। ਜੇਕਰ ਚੋਣ ਕਮਿਸ਼ਨ ਵਰਗੀਆਂ ਸੰਸਥਾਵਾਂ ਨੂੰ 'ਹਾਈਜੈਕ' ਕਰ ਲਿਆ ਗਿਆ, ਤਾਂ ਸਾਡਾ ਹਾਲ ਵੀ ਗੁਆਂਢੀ ਦੇਸ਼ਾਂ ਵਰਗਾ ਹੋ ਜਾਵੇਗਾ। ਉਨ੍ਹਾਂ ਅਪੀਲ ਕੀਤੀ ਕਿ ਬਾਕੀ ਸਾਰੇ ਮੁੱਦੇ ਬਾਅਦ ਵਿੱਚ ਹਨ; ਜੇ ਸੰਵਿਧਾਨ ਅਤੇ ਲੋਕਤੰਤਰ ਬਚੇਗਾ ਤਾਂ ਹੀ ਦੇਸ਼ ਬਚੇਗਾ। ਇਸ ਲਈ ਸਾਰੇ ਨਾਗਰਿਕਾਂ ਨੂੰ ਪਾਰਟੀਬਾਜ਼ੀ ਤੋਂ ਉੱਪਰ ਉੱਠ ਕੇ ਇਕੱਠੇ ਹੋਣ ਅਤੇ ਲੋਕਤੰਤਰ ਦੀ ਰਾਖੀ ਕਰਨ ਦੀ ਲੋੜ ਹੈ।"ਉੱਥੇ ਹੀ ਆਪ ਦੇ ਲੋਕ ਸਭਾ ਮੈਂਬਰ ਗੁਰਮੀਤ ਸਿੰਘ ਮੀਤ ਹੇਅਰ ਨੇ ਆਪ ਤੋਂ ਬਾਗੀ ਹੋ ਕੇ ਭਾਜਪਾ ਵਿੱਚ ਸ਼ਾਮਿਲ ਹੋਏ ਰਾਜ ਸਭਾ ਮੈਂਬਰ ਰਾਘਵ ਚੱਡਾ ਦੇ ਬਿਆਨ ਉੱਪਰ ਵੀ ਸਖਤ ਪ੍ਰਤੀਕਿਰਿਆ ਦਿੱਤੀ ਹੈ। ਮੀਤ ਹੇਅਰ ਨੇ ਕਿਹਾ ਕਿ ਜਦੋਂ ਸਾਰਾ ਦੇਸ਼ ਗੁਲਾਮ ਸੀ, ਉਦੋਂ ਪੰਜਾਬੀਆਂ ਦੀ ਆਬਾਦੀ ਮਹਿਜ਼ 2% ਸੀ। ਪਰ ਸ਼ਾਇਦ ਤੁਹਾਨੂੰ ਇਹ ਇਲਮ ਨਹੀਂ ਕਿ ਦੇਸ਼ ਦੀ ਆਜ਼ਾਦੀ ਲਈ 90% ਕੁਰਬਾਨੀਆਂ ਅਸੀਂ ਪੰਜਾਬੀਆਂ ਨੇ ਦਿੱਤੀਆਂ ਹਨ। 'ਜੇ ਤੁਸੀਂ ਇਹ ਸੋਚਦੇ ਹੋ ਕਿ ਸਾਨੂੰ ਪੁਲਿਸ ਜਾਂ ਕੇਂਦਰੀ ਏਜੰਸੀਆਂ ਰਾਹੀਂ ਡਰਾ ਲਵੋਗੇ, ਤਾਂ ਇਹ ਪੰਜਾਬੀਆਂ ਦੇ ਸੁਭਾਅ ਵਿੱਚ ਨਹੀਂ ਹੈ। ਪਿਆਰ ਨਾਲ ਤੁਸੀਂ ਪੰਜਾਬੀਆਂ ਤੋਂ ਚਾਹੇ ਜਾਨ ਮੰਗ ਲਓ, ਪਰ ਜੇ ਤੁਸੀਂ ਪੈਰਾ-ਮਿਲਟਰੀ ਫੋਰਸਾਂ, ਈ.ਡੀ. ਜਾਂ ਸੀ.ਬੀ. ਆਈ. ਦਾ ਡਰ ਦਿਖਾਓਗੇ, ਤਾਂ ਇਹ ਕਿਸੇ ਹੋਰ ਜਗ੍ਹਾ ਚੱਲ ਸਕਦਾ ਹੈ, ਪੰਜਾਬ 'ਤੇ ਨਹੀਂ। ਪੰਜਾਬੀਆਂ ਦੇ ਖ਼ੂਨ ਵਿੱਚ ਗੁਲਾਮੀ ਸਹਿਣਾ ਜਾਂ ਕਿਸੇ ਦੇ ਡਰਾਵੇ ਵਿੱਚ ਆਉਣਾ ਸ਼ਾਮਲ ਨਹੀਂ ਹੈ।

# ਭਾਰਤ ਵਿਰੋਧੀ ਬਿਆਨਬਾਜ਼ੀ ਨਾਲ ਅਮਰੀਕਾ 'ਚ ਨਫ਼ਰਤ ਵਾਲੀਆਂ ਘਟਨਾਵਾਂ ਵਿਚ ਵਾਧਾ

ਵਾਸ਼ਿੰਗਟਨ- ਇੱਕ ਰਿਪੋਰਟ ਅਨੁਸਾਰ, ਭਾਰਤੀ ਅਤੇ ਹੋਰ ਏਸ਼ੀਆਈ ਭਾਈਚਾਰਿਆਂ ਵਿਰੁੱਧ ਰਾਜਨੀਤਿਕ ਬਿਆਨਬਾਜ਼ੀ ਅਤੇ ਪ੍ਰਵਾਸੀ ਵਿਰੋਧੀ ਨੀਤੀਆਂ ਨੇ 2025 ਵਿਚ ਅਮਰੀਕਾ ਵਿਚ ਨਫ਼ਰਤ ਦੇ ਪੱਧਰ ਨੂੰ ਵਧਾਇਆ। ਲਗਭਗ ਅੱਧੇ ਏਸ਼ੀਆਈ ਅਮਰੀਕੀ ਬਾਲਗਾਂ ਨੇ ਅਜਿਹੀਆਂ ਘਟਨਾਵਾਂ ਦੀ ਰਿਪੋਰਟ ਕੀਤੀ।ਸਟਾਪ ਏ.ਏ. ਪੀ.ਆਈ. ਹੇਟ" ਰਿਪੋਰਟ ਵਿਚ ਸਾਹਮਣੇ ਆਇਆ ਕਿ 2025 ਵਿਚ 49 ਪ੍ਰਤੀਸ਼ਤ ਏਸ਼ੀਆਈ ਅਮਰੀਕੀ ਅਤੇ ਪ੍ਰਸ਼ਾਂਤ ਟਾਪੂ ਵਾਸੀ ਬਾਲਗਾਂ ਨੇ ਨਫ਼ਰਤ ਭਰੀਆਂ ਕਾਰਵਾਈਆਂ ਦਾ ਅਨੁਭਵ ਕੀਤਾ।

ਇਹ ਲਗਾਤਾਰ ਤੀਜਾ ਸਾਲ ਹੈ, ਜਦੋਂ ਇਹ ਦਰ ਉੱਚੀ ਹੋ ਰਹੀ ਹੈ। 2024 ਵਿਚ ਇਹ ਅੰਕੜਾ 53 ਪ੍ਰਤੀਸ਼ਤ ਅਤੇ 2023 ਵਿਚ 49 ਪ੍ਰਤੀਸ਼ਤ ਸੀ। ਉਮਰ, ਲਿੰਗ, ਆਮਦਨ, ਭਾਸ਼ਾ ਅਤੇ ਨਸਲੀ ਸਮੂਹਾਂ ਅਨੁਸਾਰ ਇਹ ਦਰਾਂ ਲਗਭਗ ਇੱਕੋ ਜਿਹੀਆਂ ਰਹੀਆਂ।ਸਿੰਥੀਆ ਚੋਈ ਨੇ ਕਿਹਾ ਕਿ ਨਵੀਂ ਖੋਜ ਦਰਸਾਉਂਦੀ ਹੈ ਕਿ ਅਮਰੀਕਾ ਵਿਚ ਏਸ਼ੀਆਈ ਅਮਰੀਕੀ ਅਤੇ ਪ੍ਰਸ਼ਾਂਤ ਟਾਪੂ ਵਾਸੀ ਭਾਈਚਾਰੇ ਲਗਾਤਾਰ ਤਿੰਨ ਸਾਲਾਂ ਤੋਂ ਨਸਲਵਾਦ ਅਤੇ ਵਿਤਕਰੇ ਦੇ ਚਿੰਤਾਜਨਕ ਤੌਰ 'ਤੇ ਉੱਚ ਪੱਧਰਾਂ ਦਾ ਸਾਹਮਣਾ ਕਰ ਰਹੇ ਹਨ। ਉਨ੍ਹਾਂ ਦੇ ਅਨੁਸਾਰ, ਇਹ ਰੁਝਾਨ 2020 ਵਿਚ ਕੋਵਿਡ-19 ਮਹਾਂਮਾਰੀ ਦੌਰਾਨ ਸ਼ੁਰੂ ਹੋਇਆ ਸੀ ਅਤੇ ਉਸ ਤੋਂ ਬਾਅਦ ਵੀ ਜਾਰੀ ਹੈ। ਇਸ ਦੌਰਾਨ ਜ਼ੈਨੋਫੋਬਿਕ ਅਤੇ ਰਾਜਨੀਤਿਕ ਤੌਰ 'ਤੇ ਪ੍ਰੇਰਿਤ ਹਮਲੇ ਲਗਾਤਾਰ ਵਧਦੇ ਰਹੇ ਹਨ।

ਖੋਜਕਰਤਾਵਾਂ ਮੁਤਾਬਕ, ਇਸ ਵਾਧੇ ਦੇ ਪਿੱਛੇ ਕਈ ਕਾਰਕ ਹਨ, ਜਿਵੇਂ ਕਿ ਭਾਰਤ ਵਿਰੋਧੀ ਅਤੇ ਚੀਨ ਵਿਰੋਧੀ ਭਾਵਨਾਵਾਂ ਨੂੰ ਭੜਕਾਉਣ ਵਾਲੀ ਰਾਜਨੀਤਿਕ ਬਿਆਨਬਾਜ਼ੀ, 2024 ਦੀ ਚੋਣ ਮੁਹਿੰਮ ਦੌਰਾਨ ਡੋਨਾਲਡ ਟਰੰਪ ਵੱਲੋਂ ਵਰਤੀ ਗਈ ਤਿੱਖੀ ਭਾਸ਼ਾ, ਅਤੇ ਪ੍ਰਵਾਸੀ ਵਿਰੋਧੀ ਨੀਤੀਆਂ।ਨਫ਼ਰਤ ਦੇ ਸਭ ਤੋਂ ਆਮ ਰੂਪਾਂ ਵਿਚ ਪਰੇਸ਼ਾਨੀ (44 ਪ੍ਰਤੀਸ਼ਤ) ਸਭ ਤੋਂ ਉੱਪਰ ਰਹੀ, ਇਸ ਤੋਂ ਬਾਅਦ ਸੰਸਥਾਗਤ ਵਿਤਕਰਾ (23 ਪ੍ਰਤੀਸ਼ਤ), ਸਰੀਰਕ ਹਿੰਸਾ (13 ਪ੍ਰਤੀਸ਼ਤ) ਅਤੇ ਜਾਇਦਾਦ ਨੂੰ ਨੁਕਸਾਨ ਪਹੁੰਚਾਉਣ ਦੀਆਂ ਘਟਨਾਵਾਂ (10 ਪ੍ਰਤੀਸ਼ਤ) ਦਰਜ ਕੀਤੀਆਂ ਗਈਆਂ। ਇਹ ਘਟਨਾਵਾਂ ਸਭ ਤੋਂ ਵੱਧ ਔਨਲਾਈਨ ਮਾਧਿਅਮਾਂ (43 ਪ੍ਰਤੀਸ਼ਤ), ਜਨਤਕ ਥਾਵਾਂ (40 ਪ੍ਰਤੀਸ਼ਤ) ਅਤੇ ਵਪਾਰਕ ਸਥਾਨਾਂ (36 ਪ੍ਰਤੀਸ਼ਤ) 'ਤੇ ਵਾਪਰੀਆਂ।ਰਿਪੋਰਟ ਵਿਚ ਇਹ ਵੀ ਦਰਸਾਇਆ ਗਿਆ ਕਿ 52 ਪ੍ਰਤੀਸ਼ਤ ਉੱਤਰਦਾਤਾਵਾਂ ਨੂੰ ਆਪਣੀ ਪਛਾਣ ਦੇ ਹੋਰ ਪਹਿਲੂਆਂ ਦੇ ਆਧਾਰ 'ਤੇ ਵੀ ਨਿਸ਼ਾਨਾ ਬਣਾਇਆ ਗਿਆ, ਜਿਸ ਵਿਚ ਉਮਰ (27 ਪ੍ਰਤੀਸ਼ਤ), ਲਿੰਗ (25 ਪ੍ਰਤੀਸ਼ਤ) ਅਤੇ ਸਮਾਜਿਕ ਵਰਗ (23 ਪ੍ਰਤੀਸ਼ਤ) ਸ਼ਾਮਲ ਹਨ।ਭਾਰਤੀ ਮੂਲ ਦੇ ਲੋਕ ਵੀ ਅਜਿਹੀਆਂ ਘਟਨਾਵਾਂ ਦਾ ਸ਼ਿਕਾਰ ਬਣੇ। ਉਨ੍ਹਾਂ ਨਾਲ ਜੁੜੀਆਂ ਘਟਨਾਵਾਂ ਵਿਚ ਦੇਸ਼ ਨਿਕਾਲੇ ਦੀਆਂ ਧਮਕੀਆਂ ਅਤੇ ਪ੍ਰਵਾਸੀ ਵਿਰੋਧੀ ਬਿਆਨਬਾਜ਼ੀ ਮੁੱਖ ਰਹੀ। 53 ਪ੍ਰਤੀਸ਼ਤ ਉੱਤਰਦਾਤਾਵਾਂ ਨੇ ਕਿਹਾ ਕਿ ਉਹ ਜਾਂ ਉਨ੍ਹਾਂ ਦੇ ਜਾਣਕਾਰ ਇਮੀਗ੍ਰੇਸ਼ਨ ਨੀਤੀਆਂ ਜਾਂ ਪ੍ਰਵਾਸੀ ਵਿਰੋਧੀ ਮਾਹੌਲ ਤੋਂ ਪ੍ਰਭਾਵਿਤ ਹੋਏ ਹਨ। ਇਹ ਪ੍ਰਭਾਵ ਅਮਰੀਕਾ ਵਿਚ ਜਨਮੇ ਅਤੇ ਵਿਦੇਸ਼ੀ ਜਨਮੇ ਲੋਕਾਂ, ਦੋਹਾਂ ਵਿਚ ਲਗਭਗ ਇੱਕੋ ਜਿਹੇ ਰਹੇ।ਮੁੱਖ ਪ੍ਰਭਾਵਾਂ ਵਿਚ 36 ਪ੍ਰਤੀਸ਼ਤ ਲੋਕਾਂ ਨੇ ਆਪਣੀ ਨਾਗਰਿਕਤਾ 'ਤੇ ਸਵਾਲ ਉਠਾਏ ਜਾਣ ਜਾਂ ਅਜਿਹਾ ਹੋਣ ਦੇ ਡਰ ਦਾ ਜ਼ਿਕਰ ਕੀਤਾ। 30 ਪ੍ਰਤੀਸ਼ਤ ਨੇ ਨਜ਼ਰਬੰਦੀ ਜਾਂ ਦੇਸ਼ ਨਿਕਾਲੇ ਦੇ ਡਰ ਜਾਂ ਅਨੁਭਵ ਬਾਰੇ ਦੱਸਿਆ, ਜਦਕਿ 28 ਪ੍ਰਤੀਸ਼ਤ ਨੇ ਅਮਰੀਕਾ ਛੱਡਣ ਬਾਰੇ ਵੀ ਵਿਚਾਰ ਕੀਤਾ।

ਪ੍ਰਸ਼ਾਂਤ ਟਾਪੂ ਵਾਸੀਆਂ ਵਿਰੁੱਧ ਨਫ਼ਰਤ 2024 ਦੇ 47 ਪ੍ਰਤੀਸ਼ਤ ਤੋਂ ਵੱਧ ਕੇ 2025 ਵਿਚ 57 ਪ੍ਰਤੀਸ਼ਤ ਹੋ ਗਈ।ਨਫ਼ਰਤ ਦਾ ਮਾਨਸਿਕ ਸਿਹਤ 'ਤੇ ਵੀ ਗੰਭੀਰ ਅਸਰ ਪਿਆ। ਪ੍ਰਭਾਵਿਤ ਲੋਕਾਂ ਵਿਚੋਂ 73 ਪ੍ਰਤੀਸ਼ਤ ਨੇ ਤਣਾਅ ਮਹਿਸੂਸ ਕੀਤਾ, 49 ਪ੍ਰਤੀਸ਼ਤ ਨੇ ਇਕੱਲਾਪਣ ਅਤੇ 25 ਪ੍ਰਤੀਸ਼ਤ ਨੇ ਚਿੰਤਾ ਜਾਂ ਉਦਾਸੀ ਦੇ ਲੱਛਣ ਦਰਜ ਕੀਤੇ।

ਰਿਪੋਰਟਿੰਗ ਦੀ ਦਰ ਘੱਟ ਰਹੀ। ਸਿਰਫ 22 ਪ੍ਰਤੀਸ਼ਤ ਲੋਕਾਂ ਨੇ ਰਸਮੀ ਅਧਿਕਾਰੀਆਂ ਨਾਲ ਸੰਪਰਕ ਕੀਤਾ, ਜਦਕਿ 54 ਪ੍ਰਤੀਸ਼ਤ ਨੇ ਆਪਣੇ ਅਨੁਭਵ ਸਾਂਝੇ ਕੀਤੇ। ਕੇਵਲ 33 ਪ੍ਰਤੀਸ਼ਤ ਨੂੰ ਹੀ ਕਿਸੇ ਤਰ੍ਹਾਂ ਦੀ ਸਹਾਇਤਾ ਪ੍ਰਾਪਤ ਹੋਈ, ਜਦਕਿ 48 ਪ੍ਰਤੀਸ਼ਤ ਨੇ ਕਿਹਾ ਕਿ ਉਨ੍ਹਾਂ ਨੂੰ ਮਿਲੀ ਸਹਾਇਤਾ ਅਧੂਰੀ ਸੀ।

ਨਸਲਵਾਦ ਵਿਰੋਧੀ ਗਤੀਵਿਧੀਆਂ ਵਿਚ ਭਾਗੀਦਾਰੀ ਵੀ ਘਟੀ ਹੈ। 2023 ਵਿਚ ਇਹ ਦਰ 74 ਪ੍ਰਤੀਸ਼ਤ ਸੀ, ਜੋ 2024 ਵਿਚ 66 ਪ੍ਰਤੀਸ਼ਤ ਅਤੇ 2025 ਵਿਚ ਘੱਟ ਕੇ 56 ਪ੍ਰਤੀਸ਼ਤ ਰਹਿ ਗਈ। ਇਸਦੇ ਬਾਵਜੂਦ, 67 ਪ੍ਰਤੀਸ਼ਤ ਲੋਕਾਂ ਨੇ ਕਿਹਾ ਕਿ ਉਹ ਏਸ਼ੀਆਈ ਅਤੇ ਪ੍ਰਸ਼ਾਂਤ ਟਾਪੂ ਵਾਸੀ ਭਾਈਚਾਰਿਆਂ ਲਈ ਸਮਾਨਤਾ ਨੂੰ ਉਤਸ਼ਾਹਿਤ ਕਰਨ ਲਈ ਪ੍ਰੇਰਿਤ ਹਨ।

ਪਿਛਲੇ 25 ਸਾਲ ਤੋਂ ਇੰਡੀਅਨ ਰੈਸਟੋਰੈਂਟ ਚਲਾ ਰਹੇ (India Bistro Roosevelt) ਨੇ ਸ਼ੁਰੂ ਕਰ ਦਿੱਤੀ ਹੈ

#1 Services On Your Special Events

SARDAR JI CATERING

SARDAR JI CATERING

Website:www.sardarjicatering.com



ਗੁਰਦੁਆਰਾ ਸਾਹਿਬ ਦੇ ਪ੍ਰੋਗਰਾਮਾਂ ਲਈ ਸੇਵਾਵਾਂ ਵੀ ਦਿੰਦੇ ਹਾਂ ਅਤੇ ਲੰਗਰ ਪੂਰੀ ਗੁਰ ਮਰਿਯਾਦਾ ਅਨੁਸਾਰ ਤਿਆਰ ਕੀਤਾ ਜਾਂਦਾ ਹੈ

- ਸ਼ਾਨਦਾਰ ਸਰਵਿਸ (ਤਜਰਬੇਕਾਰ ਅਤੇ ਟਰੇਨਡ ਕੁੱਕ)
- ਅਸੀਂ ਕੇਟਰਿੰਗ ਲਈ ਲਾਇਸੈਂਸਡ ਹਾਂ ਤੇ Hygenic Services ਦਿੰਦੇ ਹਾਂ
- ਪੰਜਾਬੀਆਂ ਦੇ ਜਾਇਕੇਦਾਰ ਲਾਜਵਾਬ ਸਵਾਦਲੇ ਖਾਣੇ ਬਣਾਉਂਦੇ ਹਾਂ
- ਕੇਟਰਿੰਗ ਤੋਂ ਇਲਾਵਾ ਕਰੌਕਰੀ ਅਤੇ ਵੇਟਰਾਂ ਦਾ ਪ੍ਰਬੰਧ ਕਰਦੇ ਹਾਂ
- LIVE FRESH ਕੁਕਿੰਗ
- Excellent Food Presentation
- ਤੁਹਾਡੇ ਬੱਜਟ ਤੇ ਸਵਾਦ ਮੁਤਾਬਕ ਕਸਟਮਮੇਡ Menus
- ਹਰ ਤਰ੍ਹਾਂ ਦੇ ਫੰਕਸ਼ਨ ਤੇ ਸੇਵਾਵਾਂ ਪ੍ਰਦਾਨ ਕਰਦੇ ਹਾਂ
- ਲਾਇਸੈਂਸਡ ਫੂਡ ਟਰੱਕ ਅਤੇ ਤੰਦੂਰ ਲਾਉਂਦੇ ਹਾਂ

Special Catering Service for 100-125 persons

*No matter the Event *Count on us * Available for all occasions

ਬੈਲਿੰਗਹਾਮ ਤੋਂ ਪੋਰਟਲੈਂਡ ਤੱਕ ਕੇਟਰਿੰਗ ਕਰਦੇ ਹਾਂ

For Catering Enquiries Contact: Off:206-517-4444, Cell:206-771-5079

6417 Roosevelt Way NE #105, Seattle WA 98115 Email:sardarjicatering@gmail.com

# ਅਮਰੀਕਾ ਵੱਲੋਂ ਦੂਜੀ ਦੁਨੀਆਂ ਦੇ ਰਾਜ਼ ਖੋਲ੍ਹਣ ਦੀ ਤਿਆਰੀ

## ਟਰੰਪ ਨੇ ਪੈਂਟਾਗਨ ਨੂੰ ਯੂ.ਐੱਫ.ਓ. ਫਾਈਲਾਂ ਜਾਰੀ ਕਰਨ ਲਈ ਕਿਹਾ

ਵਾਸ਼ਿੰਗਟਨ- ਅਮਰੀਕੀ ਰਾਸ਼ਟਰਪਤੀ ਡੋਨਲਡ ਟਰੰਪ ਨੇ ਦੁਨੀਆਂ ਭਰ ਵਿਚ ਜਗਿਆਸਾ ਪੈਦਾ ਕਰਦਿਆਂ ਐਲਾਨ ਕੀਤਾ ਹੈ ਕਿ ਪੈਂਟਾਗਨ ਵੱਲੋਂ ਕੁਝ ਬਹੁਤ ਹੀ ਦਿਲਚਸਪ ਯੂ.ਐੱਫ.ਓ. (ਅਣਪਛਾਤੀਆਂ ਉੱਡਦੀਆਂ ਵਸਤਾਂ ਜਾਂ ਉਡਣ ਤਸ਼ਤਰੀਆਂ) ਸਬੰਧੀ ਫਾਈਲਾਂ ਜਾਰੀ ਕਰਨ ਦੀ ਤਿਆਰੀ ਕੀਤੀ ਜਾ ਰਹੀ ਹੈ। ਇਹ ਫਾਈਲਾਂ ਉਨ੍ਹਾਂ ਦੇ ਪ੍ਰਸ਼ਾਸਨ ਦੌਰਾਨ ਸਾਹਮਣੇ ਆਈਆਂ ਹਨ, ਜੋ ਦੂਜੇ ਗ੍ਰਹਿਆਂ 'ਤੇ ਜੀਵਨ (ਏਲੀਅਨਜ਼) ਬਾਰੇ ਕਈ ਅਣਸੁਲਝੇ ਸਵਾਲਾਂ ਤੋਂ ਪਰਦਾ ਹਟਾ ਸਕਦੀਆਂ ਹਨ।ਵ੍ਹਾਈਟ ਹਾਊਸ 'ਚ ਨਾਸਾ ਦੇ ਪੁਲਾੜ ਯਾਤਰੀਆਂ ਦੇ ਸਨਮਾਨ ਵਿਚ ਰੱਖੇ ਗਏ ਸਮਾਗਮ ਦੌਰਾਨ ਟਰੰਪ ਨੇ ਕਿਹਾ, "ਅਸੀਂ ਬਹੁਤ ਸਾਰੀਆਂ ਅਜਿਹੀਆਂ ਚੀਜ਼ਾਂ ਜਾਰੀ ਕਰਨ ਜਾ ਰਹੇ ਹਾਂ, ਜੋ ਪਹਿਲਾਂ ਕਦੇ ਜਨਤਕ ਨਹੀਂ ਕੀਤੀਆਂ ਗਈਆਂ। ਮੈਨੂੰ ਲੱਗਦਾ ਹੈ ਕਿ ਇਨ੍ਹਾਂ ਵਿਚੋਂ ਕੁਝ ਜਾਣਕਾਰੀਆਂ ਲੋਕਾਂ ਲਈ ਬਹੁਤ ਹੈਰਾਨੀਜਨਕ ਅਤੇ ਦਿਲਚਸਪ ਹੋਣਗੀਆਂ।" ਜ਼ਿਕਰਯੋਗ ਹੈ ਕਿ ਟਰੰਪ ਲਗਾਤਾਰ ਖ਼ੁਦ ਨੂੰ ਅਜਿਹੇ ਰਾਸ਼ਟਰਪਤੀ ਵਜੋਂ ਪੇਸ਼ ਕਰ ਰਹੇ ਹਨ, ਜੋ ਸਾਲਾਂ ਤੋਂ ਦਬਾਏ ਗਏ ਸਰਕਾਰੀ ਭੇਤਾਂ ਨੂੰ ਜਨਤਕ ਕਰਨ ਦੀ ਹਿੰਮਤ ਰੱਖਦੇ ਹਨ। ਇਸ ਸਾਲ ਫਰਵਰੀ ਵਿਚ ਉਨ੍ਹਾਂ ਸੰਘੀ ਏਜੰਸੀਆਂ ਨੂੰ ਨਿਰਦੇਸ਼ ਦਿੱਤੇ ਸਨ ਕਿ ਏਲੀਅਨਜ਼ ਅਤੇ 'ਉਡਣ ਤਸ਼ਤਰੀਆਂ' ਨਾਲ ਸਬੰਧਤ ਸਾਰੇ ਰਿਕਾਰਡ ਖੋਲ੍ਹੇ ਜਾਣ। ਸੋਸ਼ਲ ਮੀਡੀਆ 'ਤੇ ਆਪਣੀ ਪੋਸਟ ਵਿਚ ਉਨ੍ਹਾਂ ਲਿਖਿਆ ਸੀ ਕਿ ਅਮਰੀਕੀ ਲੋਕ ਪਾਰਦਰਸ਼ਤਾ ਅਤੇ ਸੱਚਾਈ ਦੇ ਹੱਕਦਾਰ ਹਨ। ਸੱਤਾ ਵਿਚ ਵਾਪਸੀ ਦੇ ਪਹਿਲੇ ਹਫ਼ਤੇ ਹੀ ਟਰੰਪ ਨੇ ਜੌਹਨ ਐੱਫ ਕੈਨੇਡੀ, ਰੌਬਰਟ ਐੱਫ ਕੈਨੇਡੀ ਅਤੇ ਮਾਰਟਿਨ ਲੂਥਰ ਕਿੰਗ ਜੂਨੀਅਰ ਦੇ ਕਤਲ ਨਾਲ ਜੁੜੇ ਰਿਕਾਰਡ ਜਾਰੀ ਕਰਨ ਦੇ ਹੁਕਮ ਦਿੱਤੇ ਸਨ। ਉਂਜ ਉਨ੍ਹਾਂ ਦਸਤਾਵੇਜ਼ਾਂ ਵਿਚੋਂ ਕੋਈ ਬਹੁਤ ਵੱਡੀ ਗੱਲ ਨਿਕਲ ਕੇ ਨਹੀਂ ਆਈ ਸੀ ਪਰ ਹੁਣ ਯੂ.ਐੱਫ.ਓ. ਫਾਈਲਾਂ ਨੂੰ ਲੈ ਕੇ ਲੋਕਾਂ ਦੀਆਂ ਉਮੀਦਾਂ ਕਾਫ਼ੀ ਜ਼ਿਆਦਾ ਹਨ। ਟਰੰਪ ਦੇ ਪ੍ਰਸ਼ੰਸਕ ਇਸ ਕਦਮ ਨੂੰ ਇਤਿਹਾਸਕ ਮੰਨ ਰਹੇ ਹਨ।


J & S CABINET DOORS LTD

phone 604.507.0561 | fax 604.507.0562
unit 101-13070 115 Ave | Surrey, BC | V3R 2T9
email info@jscd.ca | web www.jscd.ca




We have manufactured high-end cabinet doors since 1997. We offer a variety of door styles. For inquiries visit our new factory or reach out at sales@jscd.ca

Ph:604-507-0561


# ਨਿਊਜਰਸੀ ਵਿੱਚ ਭਾਰਤੀ ਮੂਲ ਦੇ ਗ੍ਰੀਨ ਕਾਰਡ ਧਾਰਕ 'ਤੇ ਗੈਰ-ਕਾਨੂੰਨੀ ਵੋਟਿੰਗ ਦੇ ਦੋਸ਼

ਨਿਊਜਰਸੀ- ਨਿਊਜਰਸੀ ਦੇ ਮੋਨਮਾਊਥ ਕਾਊਂਟੀ ਵਿਚ ਰਹਿੰਦੇ ਇੱਕ ਭਾਰਤੀ-ਅਮਰੀਕੀ ਗ੍ਰੀਨ ਕਾਰਡ ਧਾਰਕ 'ਤੇ ਅਮਰੀਕੀ ਸੰਘੀ ਚੋਣਾਂ ਵਿਚ ਗੈਰ-ਕਾਨੂੰਨੀ ਤੌਰ 'ਤੇ ਵੋਟ ਪਾਉਣ ਅਤੇ ਝੂਠੇ ਬਿਆਨਾਂ ਰਾਹੀਂ ਨਾਗਰਿਕਤਾ ਪ੍ਰਾਪਤ ਕਰਨ ਦੀ ਕੋਸ਼ਿਸ਼ ਕਰਨ ਦੇ ਦੋਸ਼ ਲਗਾਏ ਗਏ ਹਨ। ਇਸ ਸਬੰਧੀ ਜਾਣਕਾਰੀ ਸੰਘੀ ਵਕੀਲਾਂ ਵੱਲੋਂ ਜਾਰੀ ਕੀਤੀ ਗਈ ਹੈ। ਸ਼ਿਕਾਇਤ ਅਨੁਸਾਰ, ਵਿਗ ਨਾਮਕ ਵਿਅਕਤੀ, ਜੋ ਉਸ ਸਮੇਂ ਅਮਰੀਕੀ ਨਾਗਰਿਕ ਨਹੀਂ ਸੀ, ਉਸ ਨੇ ਨਿਊਜਰਸੀ ਵਿਚ ਵੋਟਰ ਵਜੋਂ ਰਜਿਸਟ੍ਰੇਸ਼ਨ ਕਰਵਾਈ ਅਤੇ ਝੂਠਾ ਪ੍ਰਮਾਣ ਪੱਤਰ ਦਿੱਤਾ ਕਿ ਉਹ ਵੋਟ ਪਾਉਣ ਲਈ ਯੋਗ ਹੈ। ਉਸ 'ਤੇ 2020 ਦੀਆਂ ਆਮ ਚੋਣਾਂ, ਜਿਨ੍ਹਾਂ ਵਿਚ ਰਾਸ਼ਟਰਪਤੀ ਚੋਣ ਵੀ ਸ਼ਾਮਲ ਸੀ, ਦੌਰਾਨ ਵੋਟ ਪਾਉਣ ਦਾ ਦੋਸ਼ ਹੈ। ਵਕੀਲਾਂ ਦਾ ਇਹ ਵੀ ਕਹਿਣਾ ਹੈ ਕਿ ਵੋਟ ਪਾਉਣ ਤੋਂ ਬਾਅਦ ਵਿਗ ਨੇ ਅਮਰੀਕੀ ਨਾਗਰਿਕਤਾ ਲਈ ਅਰਜ਼ੀ ਦਿੱਤੀ ਅਤੇ ਸਹੁੰ ਦੇ ਕੇ ਇਹ ਝੂਠਾ ਬਿਆਨ ਦਿੱਤਾ ਕਿ ਉਸਨੇ ਕਦੇ ਵੀ ਕਿਸੇ ਸੰਘੀ ਚੋਣ ਵਿਚ ਨਾ ਤਾਂ ਰਜਿਸਟਰ ਕੀਤਾ ਹੈ ਅਤੇ ਨਾ ਹੀ ਵੋਟ ਪਾਈ ਹੈ। ਵਿਗ 'ਤੇ ਅਮਰੀਕੀ ਕਾਨੂੰਨ 18 ਯੂ.ਐੱਸ.ਸੀ. 1425(ਏ) ਅਧੀਨ ਗੈਰ-ਕਾਨੂੰਨੀ ਤੌਰ 'ਤੇ ਨਾਗਰਿਕਤਾ ਜਾਂ ਨੈਚੁਰਲਾਈਜ਼ੇਸ਼ਨ ਪ੍ਰਾਪਤ ਕਰਨ ਦਾ ਦੋਸ਼ ਲਗਾਇਆ ਗਿਆ ਹੈ। ਉਸਨੇ 1 ਮਈ ਨੂੰ ਨਿਊਆਰਕ ਦੀ ਸੰਘੀ ਅਦਾਲਤ ਵਿਚ ਮੈਜਿਸਟ੍ਰੇਟ ਜੱਜ ਕੈਥੀ ਵਾਲਡੋਰ ਦੇ ਸਾਹਮਣੇ ਆਪਣੀ ਪਹਿਲੀ ਪੇਸ਼ੀ ਦਿੱਤੀ। ਅਮਰੀਕੀ ਅਟਾਰਨੀ ਫਿਲਿਪ ਸੈਲਿੰਗਰ ਦੇ ਦਫ਼ਤਰ ਵੱਲੋਂ ਜਾਰੀ ਬਿਆਨ ਵਿਚ ਕਿਹਾ ਗਿਆ ਕਿ ਦੋਸ਼ਾਂ ਅਨੁਸਾਰ ਮੁਲਜ਼ਮ ਨੇ ਉਨ੍ਹਾਂ ਚੋਣਾਂ ਵਿਚ ਹਿੱਸਾ ਲਿਆ, ਜਿਨ੍ਹਾਂ ਵਿਚ ਉਹ ਯੋਗ ਨਹੀਂ ਸੀ ਅਤੇ ਇਸ ਗਲਤ ਕਿਰਿਆ ਨੂੰ ਛੁਪਾਉਣ ਲਈ ਸਹੁੰ ਹੇਠ ਝੂਠੇ ਬਿਆਨ ਦਿੱਤੇ।


ਪੰਜਾਬ ਗਾਰਡੀਅਨ

Call to Advertise
604.590.5200



BADH & REJMINIAK LLP

ਅਸੀਂ ਪੰਜਾਬੀ/ਹਿੰਦੀ ਅਤੇ ਅੰਗਰੇਜ਼ੀ ਵਿਚ ਸੇਵਾਵਾਂ ਪ੍ਰਦਾਨ ਕਰਦੇ ਹਾਂ

**Areas of Practice**

We provide Legal Services in the following areas:

- Civil Litigation
- Immigration
- Family Law
- Business Law
- Real Estate Transactions
- Notarization & Certification

ਅਸੀਂ ਹੇਠ ਲਿਖੇ ਖੇਤਰਾਂ ਵਿਚ ਕਾਨੂੰਨੀ ਸੇਵਾਵਾਂ ਪ੍ਰਦਾਨ ਕਰਦੇ ਹਾਂ

- ਸਿਵਲ ਮੁਕੱਦਮਾ
- ਇੰਮੀਗ੍ਰੇਸ਼ਨ
- ਫੈਮਿਲੀ ਲਾਅ
- ਬਿਜਨਸ ਲਾਅ
- ਰੀਅਲ ਐਸਟੇਟ ਲੈਣ ਦੇਣ
- ਨੋਟਰੀ ਸੇਵਾਵਾਂ/ਫਾਰਮ ਤਸਦੀਕ ਕਰਨਾ






Ph: 604-503-3132

Fax:604-503-3133
Web:www.bnrlaw.ca

Gurpreet Badh, BSc, LLB
Barrister & Solicitor

#2006-7495, 132 St, Surrey, BC V3W 1J8

# ਨਿਊਯਾਰਕ ‘ਚ ਬਜ਼ੁਰਗ ਸਿੱਖ ਟੈਕਸੀ ਡਰਾਈਵਰ ‘ਤੇ ਹਮਲਾ




ਨਿਊਯਾਰਕ:- ਵਿੱਚ ਇੱਕ ਬਜ਼ੁਰਗ ਸਿੱਖ ਟੈਕਸੀ ਡਰਾਈਵਰ ‘ਤੇ ਹਮਲੇ ਦੀ ਘਟਨਾ ਸਾਹਮਣੇ ਆਈ ਹੈ, ਜਿਸ ਦੀ ਵੀਡੀਓ ਸਾਹਮਣੇ ਆਉਣ ਤੋਂ ਬਾਅਦ ਲੋਕਾਂ ਵਿੱਚ ਰੋਸ ਪਾਇਆ ਜਾ ਰਿਹਾ ਹੈ। ਜਾਣਕਾਰੀ ਅਨੁਸਾਰ ਇੱਕ ਵਿਅਕਤੀ ਵੱਲੋਂ ਬਹਿਸ ਦੌਰਾਨ ਡਰਾਈਵਰ ਨੂੰ ਜ਼ਮੀਨ ‘ਤੇ ਧੱਕਾ ਦੇ ਦਿੱਤਾ ਗਿਆ।

ਵੀਡੀਓ ਵਿੱਚ ਵੇਖਿਆ ਜਾ ਸਕਦਾ ਹੈ ਕਿ ਸੜਕ ਕਿਨਾਰੇ ਹੋਈ ਤਕਰਾਰ ਮਗਰੋਂ ਹਮਲਾਵਰ ਨੇ ਡਰਾਈਵਰ ‘ਤੇ ਦੂਜੀ ਗੱਡੀ ਨਾਲ ਟੱਕਰ ਵੀ ਮਾਰੀ ਅਤੇ ਉਸਨੂੰ ਧੱਕਾ ਦੇ ਕੇ ਗਿਰਾ ਦਿੱਤਾ। ਘਟਨਾ ਦੌਰਾਨ ਹਮਲਾਵਰ ਵੱਲੋਂ ਧਮਕੀਆਂ ਦੇਣ ਦੀ ਵੀ ਗੱਲ ਸਾਹਮਣੇ ਆਈ ਹੈ।

ਘਟਨਾ ਵਿੱਚ ਡਰਾਈਵਰ ਨੂੰ ਸੱਟਾਂ ਲੱਗੀਆਂ ਹਨ, ਪਰ ਤਾਜ਼ਾ ਜਾਣਕਾਰੀ ਮੁਤਾਬਕ ਉਹ ਸੁਰੱਖਿਅਤ ਹੈ ਅਤੇ ਹੌਸਲੇ ਵਿੱਚ ਹੈ। ਇਸ ਮਾਮਲੇ ਸਿੱਖ ਜਥੇਬੰਦੀਆਂ ਵੱਲੋਂ ਤਿੱਖੀ ਪ੍ਰਤੀਕਿਰਿਆ ਦਿੱਤੀ ਗਈ ਹੈ ਅਤੇ ਇਸ ਤਰ੍ਹਾਂ ਦੇ ਹਮਲਿਆਂ ਦੀ ਕੜੀ ਨਿੰਦਾ ਕੀਤੀ ਗਈ ਹੈ।ਭਾਈਚਾਰੇ ਦੇ ਆਗੂਆਂ ਨੇ ਖਾਸ ਤੌਰ’ਤੇ ਬਜ਼ੁਰਗਾਂ ਦੀ ਸੁਰੱਖਿਆ ‘ਤੇ ਚਿੰਤਾ ਜਤਾਈ ਹੈ, ਖ਼ਾਸ ਕਰਕੇ ਉਹ ਲੋਕ ਜੋ ਜਨਤਕ ਸੇਵਾਵਾਂ ਨਾਲ ਜੁੜੇ ਕੰਮ ਕਰਦੇ ਹਨ। ਉਨ੍ਹਾਂ ਨੇ ਸੰਬੰਧਿਤ ਅਧਿਕਾਰੀਆਂ ਤੋਂ ਮਾਮਲੇ ਦੀ ਪੂਰੀ ਜਾਂਚ ਕਰਕੇ ਦੋਸ਼ੀ ਖ਼ਿਲਾਫ਼ ਸਖ਼ਤ ਕਾਰਵਾਈ ਦੀ ਮੰਗ ਕੀਤੀ ਹੈ।ਇਸ ਘਟਨਾ ਨੇ ਇੱਕ ਵਾਰ ਫਿਰ ਵਿਦੇਸ਼ਾਂ ਵਿੱਚ ਰਹਿੰਦੇ ਸਿੱਖ ਭਾਈਚਾਰੇ ਦੀ ਸੁਰੱਖਿਆ ਨੂੰ ਲੈ ਕੇ ਚਿੰਤਾ ਵਧਾ ਦਿੱਤੀ ਹੈ।

**ਆਪਣੇ ਵਪਾਰ ਦੇ ਵਾਧੇ ਲਈ ਇਸ਼ਤਿਹਾਰ ਪਾਉਣ ਲਈ ਫੋਨ ਕਰੋ 604-590-5200**

# ਫਰਿਜ਼ਨੋ ਵਿਖੇ ਨੌਜਵਾਨ ਪੰਜਾਬੀ ਮਕੈਨਿਕ ਦੀ ਦਰਦਨਾਕ ਮੌਤ:ਭਾਈਚਾਰੇ ‘ਚ ਸੋਗ ਦੀ ਲਹਿਰ



ਫਰਿਜ਼ਨੋ-ਫਰਿਜ਼ਨੋ ਤੋਂ ਇੱਕ ਬੇਹੱਦ ਦੁਖਦਾਈ ਖ਼ਬਰ ਸਾਹਮਣੇ ਆਈ ਹੈ, ਜਿੱਥੇ ਇੱਕ ਨੌਜਵਾਨ ਪੰਜਾਬੀ ਮਕੈਨਿਕ ਦੀ ਟਰੱਕ-ਟ੍ਰੇਲਰ ਹਾਦਸੇ ਵਿਚ ਮੌਤ ਹੋ ਗਈ। ਮ੍ਰਿਤਕ ਦੀ ਪਹਿਚਾਣ ਗੁਰਪ੍ਰੀਤ ਸਿੰਘ ਵਜੋਂ ਹੋਈ ਹੈ, ਜਿਸ ਦੀ ਉਮਰ ਲਗਭਗ 20-21 ਸਾਲ ਦੱਸੀ ਜਾ ਰਹੀ ਹੈ ਅਤੇ ਉਹ ਪੰਜਾਬ ਦੇ ਪਟਿਆਲਾ ਇਲਾਕੇ ਨਾਲ ਸੰਬੰਧਤ ਸੀ।ਪ੍ਰਾਪਤ ਜਾਣਕਾਰੀ ਅਨੁਸਾਰ ਇਹ ਦਰਦਨਾਕ ਹਾਦਸਾ ਫਰਿਜ਼ਨੋ ਦੀ ਇੱਕ ਟਰੱਕ-ਟ੍ਰੇਲਰ ਮੁਰੰਮਤ ਸ਼ਾਪ ਵਿਚ ਵਾਪਰਿਆ, ਜਿੱਥੇ ਗੁਰਪ੍ਰੀਤ ਸਿੰਘ ਮਕੈਨਿਕ ਵਜੋਂ ਕੰਮ ਕਰ ਰਿਹਾ ਸੀ। ਦੱਸਿਆ ਜਾ ਰਿਹਾ ਹੈ ਕਿ ਇੱਕ ਟ੍ਰੇਲਰ ਮੁਰੰਮਤ ਲਈ ਖੜ੍ਹਾ ਕੀਤਾ ਹੋਇਆ ਸੀ ਅਤੇ ਚੋਰੀ ਤੋਂ ਬਚਾਅ ਲਈ ਉਸ ਦੇ ਕਿੰਗਪਿੰਨ ਨੂੰ ਲਾਕ ਲਾਇਆ ਗਿਆ ਸੀ।ਬਦਕਿਸਮਤੀ ਨਾਲ ਗੁਰਪ੍ਰੀਤ ਸਿੰਘ ਨੂੰ ਇਹ ਗੱਲ ਪਤਾ ਨਾ ਲੱਗੀ ਕਿ ਟ੍ਰੇਲਰ ਦਾ ਲੈਂਡਿੰਗ ਗੀਅਰ ਉੱਪਰ ਕੀਤਾ ਹੋਇਆ ਹੈ। ਉਸਨੇ ਡਰਾਈਵਰ ਨੂੰ ਟਰੱਕ ਅੱਗੇ ਕਰਨ ਲਈ ਕਿਹਾ। ਜਿਵੇਂ ਹੀ ਟ੍ਰੇਲਰ ਟਰੱਕ ਦੀ ਚੈਸੀ ‘ਤੇ ਡਿੱਗਿਆ, ਗੁਰਪ੍ਰੀਤ ਸਿੰਘ ਟਰੱਕ ਅਤੇ ਟ੍ਰੇਲਰ ਵਿਚਕਾਰ ਆ ਜਾਣ ਕਰਕੇ ਮੌਕੇ ‘ਤੇ ਹੀ ਦਮ ਤੋੜ ਗਿਆ।ਇਸ ਹਾਦਸੇ ਨਾਲ ਫਰਿਜ਼ਨੋ ਦੇ ਪੰਜਾਬੀ ਭਾਈਚਾਰੇ ਵਿਚ ਗਹਿਰਾ ਦੁੱਖ ਅਤੇ ਸੋਗ ਪੈਦਾ ਹੋ ਗਿਆ ਹੈ। ਨੌਜਵਾਨ ਦੀ ਅਚਾਨਕ ਮੌਤ ਨੇ ਹਰ ਇੱਕ ਨੂੰ ਹਿਲਾ ਕੇ ਰੱਖ ਦਿੱਤਾ ਹੈ।ਪੁਲਿਸ ਵੱਲੋਂ ਮਾਮਲੇ ਦੀ ਜਾਂਚ ਕੀਤੀ ਜਾ ਰਹੀ ਹੈ, ਤਾਂ ਜੋ ਹਾਦਸੇ ਦੇ ਸਹੀ ਕਾਰਨਾਂ ਦਾ ਪਤਾ ਲਗਾਇਆ ਜਾ ਸਕੇ।

# ਕੈਨੇਡਾ ਦੇ ਨਵੇਂ ਨਿਯਮਾਂ ਨਾਲ ਪ੍ਰਵਾਸੀਆਂ ਨੂੰ ਰਾਹਤ, ਪਰਮਿਟ ਮਗਰੋਂ ਵੀ ਰਹਿਣ ਦਾ ਮੌਕਾ

ਕੈਨੇਡਾ ਵਿੱਚ ਰਹਿ ਰਹੇ ਪਰਵਾਸੀਆਂ ਲਈ ਇੱਕ ਵੱਡੀ ਰਾਹਤ ਵਾਲੀ ਖ਼ਬਰ ਸਾਹਮਣੇ ਆਈ ਹੈ। ਦੇਸ਼ ਦੇ ਇਮੀਗ੍ਰੇਸ਼ਨ ਵਿਭਾਗ ਵੱਲੋਂ ਨਿਯਮਾਂ ਵਿੱਚ ਤਬਦੀਲੀ ਕੀਤੀ ਗਈ ਹੈ, ਜਿਸ ਨਾਲ ਕੰਮ ਜਾਂ ਪੜ੍ਹਾਈ ਦੇ ਪਰਮਿਟ ਖਤਮ ਹੋਣ ਮਗਰੋਂ ਵੀ ਲੋਕ ਕੁਝ ਸਮੇਂ ਲਈ ਕੈਨੇਡਾ ਵਿੱਚ ਕਾਨੂੰਨੀ ਤੌਰ ਤੇ ਰਹਿ ਸਕਣਗੇ।ਨਵੇਂ ਨਿਯਮਾਂ ਅਨੁਸਾਰ, 1 ਮਈ 2026 ਤੋਂ ਜਿਨ੍ਹਾਂ ਵਿਅਕਤੀਆਂ ਦਾ ਵਰਕ ਜਾਂ ਸਟੱਡੀ ਪਰਮਿਟ ਸਮਾਪਤ ਹੋ ਜਾਂਦਾ ਹੈ, ਉਹ 90 ਦਿਨਾਂ ਦੇ ਅੰਦਰ ਵਿਜ਼ਟਰ ਦਰਜੇ ਲਈ ਅਰਜ਼ੀ ਦੇ ਸਕਦੇ ਹਨ। ਇਸ ਨਾਲ ਉਹ ਬਿਨਾਂ ਨੌਕਰੀ ਜਾਂ ਪੜ੍ਹਾਈ ਦੇ ਵੀ ਕੈਨੇਡਾ ਵਿੱਚ ਰਹਿ ਸਕਣਗੇ, ਹਾਲਾਂਕਿ ਇਸ ਦੌਰਾਨ ਉਹਨਾਂ ਨੂੰ ਕੰਮ ਕਰਨ ਜਾਂ ਪੜ੍ਹਾਈ ਕਰਨ ਦੀ ਇਜਾਜ਼ਤ ਨਹੀਂ ਹੋਵੇਗੀ।ਇਸ ਸਹੂਲਤ ਲਈ ਨਿਰਧਾਰਤ ਫੀਸ ਜਮ੍ਹਾ ਕਰਵਾਉਣੀ ਪਵੇਗੀ ਅਤੇ ਨਵੀਂ ਅਰਜ਼ੀ ਮਨਜ਼ੂਰ ਹੋਣ ਤੱਕ ਸਾਰੇ ਨਿਯਮਾਂ ਦੀ ਪਾਲਣਾ ਕਰਨੀ ਲਾਜ਼ਮੀ ਹੋਵੇਗੀ। ਪਹਿਲਾਂ ਅਜਿਹੀ ਸਥਿਤੀ ਵਿੱਚ ਵਿਅਕਤੀਆਂ ਨੂੰ ਆਪਣੇ ਦੇਸ਼ ਵਾਪਸ ਜਾਣਾ ਪੈਂਦਾ ਸੀ ਜਾਂ ਫਿਰ ਉਸੇ ਸ਼੍ਰੇਣੀ ਵਿੱਚ ਆਪਣਾ ਦਰਜਾ ਮੁੜ ਬਹਾਲ ਕਰਵਾਉਣਾ ਪੈਂਦਾ ਸੀ।ਇਸ ਫੈਸਲੇ ਨਾਲ ਖ਼ਾਸ ਤੌਰ ਤੇ ਪੰਜਾਬ ਸਮੇਤ ਭਾਰਤ ਦੇ ਕਈ ਸੂਬਿਆਂ ਤੋਂ ਕੈਨੇਡਾ ਗਏ ਹਜ਼ਾਰਾਂ ਲੋਕਾਂ ਨੂੰ ਵੱਡੀ ਰਾਹਤ ਮਿਲੇਗੀ, ਜੋ ਨੌਕਰੀ ਜਾਂ ਪੜ੍ਹਾਈ ਦੇ ਵਿਚਕਾਰਲੇ ਸਮੇਂ ਵਿੱਚ ਅਨਿਸ਼ਚਿਤਤਾ ਦਾ ਸਾਹਮਣਾ ਕਰ ਰਹੇ ਸਨ।ਇਸ ਦੇ ਨਾਲ ਹੀ ਕੈਨੇਡੀਅਨ ਸਰਕਾਰ ਵੱਲੋਂ ਦੇਸ਼ ਵਿੱਚ ਕੰਮ ਕਰ ਰਹੇ ਕਈ ਵਿਦੇਸ਼ੀ ਮਜ਼ਦੂਰਾਂ ਨੂੰ ਸਥਾਈ ਨਿਵਾਸ ਦੇਣ ਦੀ ਯੋਜਨਾ ਵੀ ਚੱਲ ਰਹੀ ਹੈ, ਜਿਸ ਤਹਿਤ ਹਜ਼ਾਰਾਂ ਲੋਕਾਂ ਨੂੰ ਭਵਿੱਖ ਵਿੱਚ ਪੱਕਾ ਦਰਜਾ ਮਿਲ ਸਕਦਾ ਹੈ। ਇਹ ਕਦਮ ਕੈਨੇਡਾ ਵਿੱਚ ਮਜ਼ਦੂਰੀ ਦੀ ਘਾਟ ਨੂੰ ਪੂਰਾ ਕਰਨ ਲਈ ਮਹੱਤਵਪੂਰਨ ਮੰਨਿਆ ਜਾ ਰਿਹਾ ਹੈ।

**Trusted Name in Real Estate**

ਕਿਸੇ ਵੀ ਤਰ੍ਹਾਂ ਦੀ ਰੈਜੀਡੈਂਸ਼ੀਅਲ ਜਾਂ ਕਮਰਸ਼ੀਅਲ ਪ੍ਰਾਪਰਟੀ ਖਰੀਦਣ ਜਾਂ ਵੇਚਣ ਲਈ ਸਾਡੇ ਨਾਲ ਸੰਪਰਕ ਕਰੋ



GURBINDER DHALIWAL
REAL ESTATE BROKER
Cell:425-314-2111
Email:garyd@windermere.com
garydhaliwal.withwre.com

Windermere REAL ESTATE
801 State Ave,
Marrysville, Wa 98270

HOUSE FOR SALE
12728 SE 287TH Place, Auburn, WA 98092





Nestled in a serene Cul-de-sac, this exquisite residence offers the perfect blend of comfort and sophistication. The heart of the home lies in its gourmet kitchen, where culinary dreams come to life amidst top-of-the-line appliances, sleek countertops, and ample storage. Step outside onto the covered deck, a true oasis that extends your living space. The ambiance is elevated by a cozy fireplace, providing warm and inviting atmosphere for year-round outdoor enjoyment. Venture downstairs to discover a meticulously finished basement, featuring a private one-bedroom suite and a stylishly appointed bathroom. This versatile space offers endless possibilities, whether used as a guest retreat, home office, or an entertainment hub.



MANDEEP SANGHA
REAL ESTATE BROKER
Cell:425-210-8985
Email:m.sangha@windermere.com
m.sangha.withwre.com

ਅਸੀਂ ਮੁਫਤ ਨੋਟਰੀ ਸੇਵਾਵਾਂ ਦਿੰਦੇ ਹਾਂ

# ਟਰੰਪ ਪ੍ਰਸ਼ਾਸਨ ਵੱਲੋਂ ਗੈਰ-ਕਾਨੂੰਨੀ ਪ੍ਰਵਾਸੀਆਂ ਨੂੰ ਡਿਪੋਰਟ ਕਰਨ ਦੀ ਪ੍ਰਕਿਰਿਆ 'ਚ ਆਵੇਗੀ ਤੇਜ਼ੀ

ਵਾਸ਼ਿੰਗਟਨ- ਪ੍ਰਵਾਸੀਆਂ ਖ਼ਿਲਾਫ਼ ਅਮਰੀਕਾ ਦੀ ਕਾਰਵਾਈ ਇਕ ਵਾਰ ਫ਼ਿਰ ਤੋਂ ਤੇਜ਼ੀ ਫੜ ਸਕਦੀ ਹੈ। ਰਾਸ਼ਟਰਪਤੀ ਡੋਨਾਲਡ ਟਰੰਪ ਦੇ ਪ੍ਰਸ਼ਾਸਨ ਨੇ ਦੇਸ਼ ਵਿੱਚੋਂ ਗੈਰ-ਕਾਨੂੰਨੀ ਪ੍ਰਵਾਸੀਆਂ ਨੂੰ ਬਾਹਰ ਕੱਢਣ ਦੀ ਪ੍ਰਕਿਰਿਆ ਨੂੰ ਤੇਜ਼ ਕਰਨ ਲਈ ਹੁਣ ਇਮੀਗ੍ਰੇਸ਼ਨ ਅਦਾਲਤਾਂ 'ਤੇ ਸ਼ਿਕੰਜਾ ਕੱਸਣਾ ਸ਼ੁਰੂ ਕਰ ਦਿੱਤਾ ਹੈ। ਅਮਰੀਕੀ ਨਿਆਂ ਵਿਭਾਗ ਨੇ ਸਪੱਸ਼ਟ ਕੀਤਾ ਹੈ ਕਿ ਉਹ ਅਜਿਹੇ ਇਮੀਗ੍ਰੇਸ਼ਨ ਜੱਜਾਂ ਨੂੰ ਅਹੁਦਿਆਂ ਤੋਂ ਤੁਰੰਤ ਹਟਾ ਦੇਵੇਗਾ, ਜੋ ਫੈਸਲੇ ਲੈਣ ਵਿਚ ਦੇਰੀ ਕਰ ਰਹੇ ਹਨ ਜਾਂ ਪ੍ਰਸ਼ਾਸਨ ਦੀਆਂ ਸਖ਼ਤ ਨੀਤੀਆਂ ਮੁਤਾਬਕ ਕੰਮ ਨਹੀਂ ਕਰ ਰਹੇ।ਅਮਰੀਕਾ ਦੇ ਕਾਰਜਕਾਰੀ ਅਟਾਰਨੀ ਜਨਰਲ ਟੌਡ ਬਲਾਂਚੇ ਨੇ ਹਾਲ ਹੀ ਵਿਚ ਦਿੱਤੇ ਬਿਆਨ



ਵਿਚ ਕਿਹਾ ਕਿ ਜਿਹੜੇ ਜੱਜ ਕੇਸਾਂ ਨੂੰ ਬਿਨਾਂ ਵਜ੍ਹਾ ਲਟਕਾ ਰਹੇ ਹਨ ਜਾਂ ਜਿਨ੍ਹਾਂ ਕੋਲ ਪੁਰਾਣੇ ਕੇਸ ਬਹੁਤ ਜ਼ਿਆਦਾ ਹਨ, ਉਨ੍ਹਾਂ ਦੀ ਥਾਂ ਨਵੇਂ ਜੱਜਾਂ ਦੀ ਨਿਯੁਕਤੀ ਕੀਤੀ ਜਾਵੇਗੀ। ਪ੍ਰਸ਼ਾਸਨ ਦਾ ਮੰਨਣਾ ਹੈ ਕਿ ਕੁਝ ਜੱਜ 'ਹਮਦਰਦੀ' ਦਿਖਾ ਕੇ ਫੈਸਲਿਆਂ ਵਿਚ ਦੇਰੀ ਕਰਦੇ ਹਨ, ਜੋ ਕਿ ਕਾਨੂੰਨ ਦੀ ਸਹੀ ਪਾਲਣਾ ਨਹੀਂ ਹੈ। ਟਰੰਪ ਪ੍ਰਸ਼ਾਸਨ ਦਾ ਟੀਚਾ ਅਦਾਲਤਾਂ ਵਿਚ ਲਟਕ ਰਹੇ 37 ਲੱਖ ਕੇਸਾਂ ਦਾ ਜਲਦੀ ਨਿਪਟਾਰਾ ਕਰਨਾ ਹੈ, ਤਾਂ ਜੋ ਦੇਸ਼ ਨਿਕਾਲੇ ਦੀ ਮੁਹਿੰਮ ਨੂੰ ਰਫ਼ਤਾਰ ਦਿੱਤੀ ਜਾ ਸਕੇ।

ਰਿਪੋਰਟਾਂ ਅਨੁਸਾਰ ਟਰੰਪ ਦਾ ਦੂਜਾ ਕਾਰਜਕਾਲ ਸ਼ੁਰੂ ਹੋਣ ਤੋਂ ਬਾਅਦ ਕਰੀਬ 100 ਇਮੀਗ੍ਰੇਸ਼ਨ ਜੱਜਾਂ ਨੂੰ ਨੌਕਰੀ ਤੋਂ ਕੱਢ ਦਿੱਤਾ ਗਿਆ ਹੈ। ਇਨ੍ਹਾਂ ਵਿਚੋਂ ਕਈਆਂ 'ਤੇ ਦੋਸ਼ ਸੀ ਕਿ ਉਹ ਰਾਜਨੀਤਿਕ ਰੂਪ ਵਿਚ ਪ੍ਰਸ਼ਾਸਨ ਦੇ ਵਿਰੁੱਧ ਸਨ ਜਾਂ ਅਸਾਇਲਮ ਦੇ ਕੇਸਾਂ ਨੂੰ ਬਹੁਤ ਜ਼ਿਆਦਾ ਮਨਜ਼ੂਰੀ ਦੇ ਰਹੇ ਸਨ। ਹਾਲ ਹੀ ਵਿਚ ਭਾਰਤੀ ਮੂਲ ਦੀ ਇਮੀਗ੍ਰੇਸ਼ਨ ਜੱਜ ਰੂਪਲ ਪਟੇਲ ਨੂੰ ਵੀ ਹਟਾਇਆ ਗਿਆ ਸੀ, ਜਿਨ੍ਹਾਂ ਨੇ ਇੱਕ ਵਿਦਿਆਰਥੀ ਦੇ ਦੇਸ਼ ਨਿਕਾਲੇ 'ਤੇ ਰੋਕ ਲਗਾਈ ਸੀ।ਇਹ ਬਦਲਾਅ ਅਮਰੀਕਾ ਵਿਚ ਰਹਿ ਰਹੇ ਲੱਖਾਂ ਪ੍ਰਵਾਸੀਆਂ, ਖਾਸ ਕਰਕੇ ਭਾਰਤੀਆਂ ਲਈ ਚਿੰਤਾ ਦਾ ਵੱਡਾ ਵਿਸ਼ਾ ਹਨ, ਕਿਉਂਕਿ ਹੁਣ ਅਦਾਲਤੀ ਕੇਸ ਸਾਲਾਂ ਦੀ ਬਜਾਏ ਮਹੀਨਿਆਂ ਜਾਂ ਦਿਨਾਂ ਵਿਚ ਨਿਪਟਾਏ ਜਾਣਗੇ, ਜਿਸ ਨਾਲ ਅਦਾਲਤਾਂ ਦਾ ਕਾਫ਼ੀ ਸਮਾਂ ਬਚ ਜਾਵੇਗਾ। ਨਵੇਂ ਜੱਜਾਂ ਦੀ ਨਿਯੁਕਤੀ ਟਰੰਪ ਦੀਆਂ ਕੰਜ਼ਰਵੇਟਿਵ ਨੀਤੀਆਂ ਦੇ ਅਧਾਰ 'ਤੇ ਕੀਤੀ ਜਾ ਰਹੀ ਹੈ, ਜਿਸ ਕਾਰਨ ਸ਼ਰਨ ਮਿਲਣ ਦੀਆਂ ਸੰਭਾਵਨਾਵਾਂ ਬਹੁਤ ਘੱਟ ਰਹਿ ਜਾਣਗੀਆਂ। ਮਨੁੱਖੀ ਅਧਿਕਾਰ ਸੰਗਠਨਾਂ ਦਾ ਕਹਿਣਾ ਹੈ ਕਿ ਹੁਣ ਪ੍ਰਵਾਸੀ ਆਪਣੀ ਰੁਟੀਨ ਪੇਸ਼ੀ 'ਤੇ ਜਾਣ ਤੋਂ ਵੀ ਡਰ ਰਹੇ ਹਨ, ਕਿਉਂਕਿ ਉੱਥੇ ਹੀ ਉਨ੍ਹਾਂ ਨੂੰ ਗ੍ਰਿਫ਼ਤਾਰ ਕੀਤਾ ਜਾ ਰਿਹਾ ਹੈ।

ਹਾਲਾਂਕਿ ਕਾਨੂੰਨੀ ਮਾਹਿਰਾਂ ਅਤੇ 'ਅਮਰੀਕਨ ਇਮੀਗ੍ਰੇਸ਼ਨ ਲਾਇਰਜ਼ ਐਸੋਸੀਏਸ਼ਨ' ਨੇ ਇਸ ਕਾਰਵਾਈ ਦੀ ਨਿੰਦਾ ਕੀਤੀ ਹੈ। ਉਨ੍ਹਾਂ ਦਾ ਕਹਿਣਾ ਹੈ ਕਿ ਜੱਜਾਂ ਨੂੰ ਨਿਰਪੱਖ ਹੋਣਾ ਚਾਹੀਦਾ ਹੈ, ਪਰ ਟਰੰਪ ਪ੍ਰਸ਼ਾਸਨ ਉਨ੍ਹਾਂ 'ਤੇ ਸਿਰਫ਼ 'ਦੇਸ਼ ਨਿਕਾਲੇ ਦੇ ਹੁਕਮ' ਦੇਣ ਲਈ ਦਬਾਅ ਪਾ ਰਿਹਾ ਹੈ।

# ਜਦੋਂ ਤੱਕ ਪਾਕਿਸਤਾਨ ਦਹਿਸ਼ਤਗਰਦੀ ਨੂੰ ਸਰਪ੍ਰਸਤੀ ਦੇਣਾ ਬੰਦ ਨਹੀਂ ਕਰਦਾ, ਸਿੰਧੂ ਜਲ ਸੰਧੀ ਰਹੇਗੀ ਮੁਅੱਤਲ:ਭਾਰਤ ਸਰਕਾਰ

ਭਾਰਤ ਸਰਕਾਰ ਨੇ ਵੀਰਵਾਰ ਨੂੰ ਸਪਸ਼ਟ ਕੀਤਾ ਕਿ ਪਾਕਿਸਤਾਨ ਨਾਲ ਸਿੰਧੂ ਜਲ ਸੰਧੀ ਉਦੋਂ ਤੱਕ ਮੁਅੱਤਲ ਰਹੇਗੀ, ਜਦੋਂ ਤੱਕ ਪਾਕਿਸਤਾਨ ਸਰਹੱਦ ਪਾਰੋਂ ਹੋਣ ਵਾਲੇ ਅਤਿਵਾਦ ਨੂੰ ਪੂਰੀ ਤਰ੍ਹਾਂ ਅਤੇ ਹਮੇਸ਼ਾ ਲਈ ਬੰਦ ਨਹੀਂ ਕਰ ਦਿੰਦਾ। ਕੇਂਦਰ ਸਰਕਾਰ ਵੱਲੋਂ ਇਹ ਗੱਲ 'ਅਪਰੇਸ਼ਨ ਸਿੰਧੂਰ' ਦੀ ਪਹਿਲੀ ਵਰ੍ਹੇਗੰਢ ਮੌਕੇ ਕਹੀ ਗਈ ਹੈ।

ਹਫ਼ਤਾਵਾਰੀ ਮੀਡੀਆ ਬ੍ਰੀਫਿੰਗ ਨੂੰ ਸੰਬੋਧਨ ਕਰਦਿਆਂ, ਵਿਦੇਸ਼ ਮੰਤਰਾਲੇ ਦੇ ਬੁਲਾਰੇ ਰਣਧੀਰ ਜੈਸਵਾਲ ਨੇ ਕਿਹਾ, "ਅੱਜ ਅਸੀਂ 'ਅਪਰੇਸ਼ਨ ਸਿੰਧੂਰ' ਦੀ ਪਹਿਲੀ ਵਰ੍ਹੇਗੰਢ ਮਨਾ ਰਹੇ ਹਾਂ। ਪੂਰੀ ਦੁਨੀਆ ਨੇ ਪਹਿਲਗਾਮ ਅਤਿਵਾਦੀ ਹਮਲੇ ਦਾ ਅਸਲ ਰੂਪ ਦੇਖਿਆ ਸੀ ਅਤੇ ਅਸੀਂ ਪਾਕਿਸਤਾਨ ਵੱਲੋਂ ਸਰਹੱਦ ਪਾਰਲੇ ਅਤਿਵਾਦ ਨੂੰ ਦਿੱਤੀ ਜਾਂਦੀ ਸਰਪ੍ਰਸਤੀ ਦਾ ਮੂੰਹਤੋੜ ਜਵਾਬ ਦਿੱਤਾ ਸੀ।"

ਉਨ੍ਹਾਂ ਕਿਹਾ ਕਿ ਪੂਰੀ ਦੁਨੀਆ ਜਾਣਦੀ ਹੈ ਕਿ ਪਾਕਿਸਤਾਨ ਲੰਮੇ ਸਮੇਂ ਤੋਂ ਅਤਿਵਾਦ ਨੂੰ ਆਪਣੀ ਸਰਕਾਰੀ ਨੀਤੀ ਵਜੋਂ ਵਰਤ ਰਿਹਾ ਹੈ। ਭਾਰਤ ਕੋਲ ਦਹਿਸ਼ਤਗਰਦੀ ਵਿਰੁੱਧ ਆਪਣੀ ਰੱਖਿਆ ਕਰਨ ਦਾ ਪੂਰਾ ਹੱਕ ਹੈ ਅਤੇ ਅਸੀਂ ਦੁਨੀਆ ਭਰ ਵਿੱਚ ਅਤਿਵਾਦ ਖ਼ਿਲਾਫ਼ ਲੜਾਈ ਨੂੰ ਮਜ਼ਬੂਤ ਕਰਨ ਲਈ ਲਗਾਤਾਰ ਕੰਮ ਕਰਦੇ ਰਹਾਂਗੇ।

ਦਹਾਕਿਆਂ ਪੁਰਾਣੀ ਸਿੰਧੂ ਜਲ ਸੰਧੀ ਦੇ ਭਵਿੱਖ ਬਾਰੇ ਵਿਦੇਸ਼ ਮੰਤਰਾਲੇ ਦੇ ਬੁਲਾਰੇ ਨੇ ਕਿਹਾ ਕਿ ਭਾਰਤ ਦਾ ਸਟੈਂਡ ਪਹਿਲਾਂ ਵਾਲਾ ਹੀ ਹੈ।ਉਨ੍ਹਾਂ ਕਿਹਾ ਕਿ ਸਿੰਧੂ ਜਲ ਸੰਧੀ ਬਾਰੇ ਭਾਰਤ ਦਾ ਫੈਸਲਾ ਅਟੱਲ ਹੈ ਅਤੇ ਪਾਕਿਸਤਾਨ ਵੱਲੋਂ ਅਤਿਵਾਦ ਨੂੰ ਦਿੱਤੀ ਜਾ ਰਹੀ ਸਰਪ੍ਰਸਤੀ ਕਾਰਨ ਹੀ ਇਹ ਸੰਧੀ ਰੋਕੀ ਗਈ ਹੈ। ਉਨ੍ਹਾਂ ਸਾਫ਼ ਕੀਤਾ ਕਿ ਪਾਕਿਸਤਾਨ ਨੂੰ ਸਰਹੱਦ ਪਾਰਲੇ ਅਤਿਵਾਦ ਦਾ ਰਾਹ ਪੂਰੀ ਤਰ੍ਹਾਂ ਛੱਡਣਾ ਪਵੇਗਾ, ਕਿਉਂਕਿ ਅਤਿਵਾਦ ਅਤੇ ਗੱਲਬਾਤ ਇਕੱਠੇ ਨਹੀਂ ਚੱਲ ਸਕਦੇ।ਪਹਿਲਗਾਮ ਹਮਲੇ ਤੋਂ ਬਾਅਦ, ਭਾਰਤ ਨੇ ਪਿਛਲੇ ਸਾਲ ਪਾਕਿਸਤਾਨ ਵਿਰੁੱਧ ਕਈ ਕੂਟਨੀਤਕ ਅਤੇ ਰਣਨੀਤਕ ਕਦਮ ਚੁੱਕਣ ਦਾ ਐਲਾਨ ਕੀਤਾ ਸੀ, ਜਿਸ ਵਿੱਚ 1960 ਦੀ ਸਿੰਧੂ ਜਲ ਸੰਧੀ ਨੂੰ ਮੁਅੱਤਲ ਕਰਨ ਦਾ ਫੈਸਲਾ ਵੀ ਸ਼ਾਮਲ ਸੀ।ਵਿਸ਼ਵ ਬੈਂਕ ਦੀ ਮਦਦ ਨਾਲ ਹੋਈ ਇਹ ਸੰਧੀ ਦੋਵਾਂ ਦੇਸ਼ਾਂ ਵਿਚਾਲੇ ਸਿੰਧੂ ਨਦੀ ਪ੍ਰਣਾਲੀ ਦੇ ਪਾਣੀਆਂ ਦੀ ਵੰਡ ਦਾ ਪ੍ਰਬੰਧ ਕਰਦੀ ਹੈ। ਇਸ ਸਮਝੌਤੇ ਮੁਤਾਬਕ, ਪਾਕਿਸਤਾਨ ਨੂੰ ਪੱਛਮੀ ਨਦੀਆਂ (ਸਿੰਧੂ, ਜੇਹਲਮ ਅਤੇ ਚਨਾਬ) ਦੇ ਪਾਣੀ ਦਾ ਅਧਿਕਾਰ ਮਿਲਿਆ ਹੋਇਆ ਹੈ, ਜਦਕਿ ਪੂਰਬੀ ਨਦੀਆਂ (ਰਾਵੀ, ਬਿਆਸ ਅਤੇ ਸਤਲੁਜ) 'ਤੇ ਭਾਰਤ ਦਾ ਕੰਟਰੋਲ ਹੈ।ਇਹ ਸੰਧੀ ਪ੍ਰਭਾਵਸ਼ਾਲੀ ਢੰਗ ਨਾਲ ਪਾਕਿਸਤਾਨ ਨੂੰ ਸਿੰਧੂ ਨਦੀ ਪ੍ਰਣਾਲੀ ਦੇ ਲਗਪਗ 80 ਫੀਸਦੀ ਪਾਣੀ ਤੱਕ ਪਹੁੰਚ ਦਿੰਦੀ ਹੈ, ਜਦੋਂ ਕਿ ਭਾਰਤ ਕੋਲ ਲਗਪਗ 20 ਪ੍ਰਤੀਸ਼ਤ ਪਾਣੀ ਰਹਿੰਦਾ ਹੈ। ਇਸ ਦੇ ਨਾਲ ਹੀ ਭਾਰਤ ਕੋਲ ਸਿੰਚਾਈ, ਬਿਜਲੀ ਉਤਪਾਦਨ ਅਤੇ ਹੋਰ ਗੈਰ-ਖਪਤਕਾਰੀ ਉਦੇਸ਼ਾਂ ਲਈ ਪੱਛਮੀ ਨਦੀਆਂ 'ਤੇ ਸੀਮਤ ਵਰਤੋਂ ਦੇ ਅਧਿਕਾਰ ਹਨ।

Our Package Starts from
$50 per month
ਪੰਜਾਬ ਗਾਰਡੀਅਨ
Call to Advertise
604.590.5200

ਪੰਜਾਬ ਦੀ ਤੁਹਾਡੀ ਜ਼ਮੀਨ ਨਾਲ ਜੁੜਿਆ ਕੋਈ ਵੀ ਕੰਮ ਜਾਂ ਮਸਲਾ ਹੋਵੇ
ਅਤੇ ਵਿਦੇਸ਼ ਵਿੱਚ ਬੈਠਿਆਂ ਹੀ ਉਸਦਾ ਹੱਲ ਲੱਭਣਾ ਹੋਵੇ
ਜਾਂ ਇੰਡੀਆ ਵਿੱਚ ਆਪਣੀ ਜ਼ਮੀਨ ਵੇਚਣੀ ਹੋਵੇ ਤਾਂ
ਸਾਬਕਾ ਸੀਨੀਅਰ ਅਧਿਕਾਰੀ ਅਤੇ ਪੰਜਾਬ ਰੈਵੇਨਿਊ ਦੇ ਮਾਹਿਰ
ਸ. ਹਰਚਰਨ ਸਿੰਘ ਸੰਧੂ ਪੀ ਸੀ ਐੱਸ (ਰਿਟਾ:)
ਨੂੰ ਫੋਨ ਕਰੋ: ਕਨੇਡਾ:604-518-3637(ਵਟਸਐਪ)
ਇੰਡੀਆ:91-81467-00026(ਵਟਸਐਪ)
ਜਾਂ ਈਮੇਲ ਕਰੋ hssandhupcs@gmail.com


FOR ALL DENTAL NEEDS
Of Your Family & Friends

Dr. Inderpreet Sandhu
DDS
CLOVERDALE VILLAGE
DENTAL
Services Provided
· Dental Exams/X-rays · Extractions/Oral Surgery · Cleaning & Polishing · Root Canal Treatment
· Dentures & Mouth Guards · Dental Fillings · Teeth Whitening · Crowns & Bridges
Ph:604-579-0102
5635 - 176A Street, Surrey, BC (across the street from Cloverdale Library)
Cloverdalevillagedental@gmail.com

AKAL TRAVEL
ਅਮਰੀਕਾ ਦੇ ਕਿਸੇ ਵੀ ਸ਼ਹਿਰ ਤੋਂ
ਵਧੀਆ ਫਲਾਈਟਾਂ, ਵਧੀਆ ਸੇਵਾਵਾਂ ਅਤੇ
ਘੱਟ ਕਿਰਾਏ ਲਈ ਸੰਪਰਕ ਕਰੋ


We Represent All Major Airline
We Will Beat Or Match Any Price
Seattle to Delhi : $785
We Issue The Ticket From India Also
Delhi Bombay Special
Ask For Detail
WE ALSO DO : * NOTARY * VISA
* PASSPORT * TRANSLATION
PHONE : 253-852-1984, 253-852-1985
24 HOUR EMERGENCY SERVICE
206-370-9480
TOLL FREE :
1-800-828-8543
EMAIL : FLY@AKALTRAVEL.COM
HOURS : MON TO SAT 9AM TO 7PM AND SUN 1PMTO 6PM

# ਅਮਰੀਕਾ ਵੱਲੋਂ 1.5 ਟ੍ਰਿਲੀਅਨ ਡਾਲਰ ਦਾ ਰੱਖਿਆ ਬਜਟ ਦਾ ਪ੍ਰਸਤਾਵ

ਵਾਸ਼ਿੰਗਟਨ- ਇਰਾਨ ਦੇ ਖਿਲਾਫ ਰਾਸ਼ਟਰਪਤੀ ਡੋਨਾਲਡ ਟਰੰਪ ਵੱਲੋਂ ਸ਼ੁਰੂ ਕੀਤੀ ਗਈ ਜੰਗ ਤੋਂ ਬਾਅਦ ਪਹਿਲੀ ਵਾਰ ਅਮਰੀਕੀ ਸਿਆਸਤ ਦੇ ਕੇਂਦਰ ਵਾਸ਼ਿੰਗਟਨ ਵਿਚ ਅਜਿਹਾ ਮਾਹੌਲ ਬਣਿਆ ਹੈ, ਜਿੱਥੇ ਜੰਗ ਸਿਰਫ਼ ਸਰਹੱਦਾਂ 'ਤੇ ਹੀ ਨਹੀਂ, ਸਗੋਂ ਸੰਸਦ, ਬਾਜ਼ਾਰ ਅਤੇ ਨੈਤਿਕਤਾ ਦੇ ਮੁੱਦਿਆਂ 'ਤੇ ਵੀ ਲੜੀ ਜਾ ਰਹੀ ਹੈ।

ਇਸੇ ਪਿਛੋਕੜ ਵਿਚ ਅਮਰੀਕੀ ਰੱਖਿਆ ਸਕੱਤਰ ਪੀਟ ਹੇਗਸੇਥ ਨੂੰ 'ਹਾਊਸ ਆਰਮਡ ਸਰਵਿਸਿਜ਼ ਕਮੇਟੀ' ਦੇ ਸਾਹਮਣੇ ਪੇਸ਼ ਹੋ ਕੇ ਤਿੱਖੇ ਸਵਾਲਾਂ ਦਾ ਸਾਹਮਣਾ ਕਰਨਾ ਪਿਆ। ਸੁਣਵਾਈ ਦੌਰਾਨ ਸਾਲ 2027 ਲਈ 1.5 ਟ੍ਰਿਲੀਅਨ ਡਾਲਰ ਦੇ ਰੱਖਿਆ ਬਜਟ ਦਾ ਪ੍ਰਸਤਾਵ ਰੱਖਿਆ ਗਿਆ, ਜੋ ਅਮਰੀਕੀ ਇਤਿਹਾਸ ਦਾ ਸਭ ਤੋਂ ਵੱਡਾ ਫੌਜੀ ਬਜਟ ਮੰਨਿਆ ਜਾ ਰਿਹਾ ਹੈ। ਭਾਰਤੀ ਕਰੰਸੀ ਵਿਚ ਇਹ ਰਕਮ ਲਗਭਗ 124-125 ਲੱਖ ਕਰੋੜ ਰੁਪਏ ਬਣਦੀ ਹੈ।

ਇਸ ਸੁਣਵਾਈ ਨੇ ਨਾ ਸਿਰਫ਼ ਜੰਗ ਦੀ ਦਿਸ਼ਾ ਸਗੋਂ ਅਮਰੀਕਾ ਦੀ ਵਿੱਤੀ ਪਾਰਦਰਸ਼ਤਾ ਅਤੇ ਸਿਆਸੀ ਜਵਾਬਦੇਹੀ 'ਤੇ ਵੀ ਗੰਭੀਰ ਸਵਾਲ ਖੜ੍ਹੇ ਕਰ ਦਿੱਤੇ ਹਨ। ਪ੍ਰਸ਼ਾਸਨ ਦਾ ਕਹਿਣਾ ਹੈ ਕਿ ਇਹ ਖਰਚਾ ਜ਼ਰੂਰੀ ਹੈ ਅਤੇ ਆਧੁਨਿਕ ਜੰਗ ਦੀਆਂ ਲੋੜਾਂ ਨੂੰ ਧਿਆਨ ਵਿਚ ਰੱਖਦੇ ਹੋਏ ਬਜਟ ਦਾ ਪੈਸਾ ਖਾਸ ਕਰਕੇ ਹੋਰਮੁਜ਼ ਸਟ੍ਰੇਟ ਅਤੇ ਹਿੰਦ ਮਹਾਸਾਗਰ ਵਰਗੇ ਰਣਨੀਤਕ ਖੇਤਰਾਂ ਵਿਚ ਡਰੋਨ ਤਕਨੀਕ, ਮਿਜ਼ਾਈਲ ਡਿਫੈਂਸ ਸਿਸਟਮ ਅਤੇ ਸਮੁੰਦਰੀ ਫੌਜ ਦੀ ਤਾਕਤ ਨੂੰ ਮਜ਼ਬੂਤ ਕਰਨ 'ਤੇ ਫੋਕਸ ਕੀਤਾ ਜਾਵੇਗਾ।

ਇਸ ਪ੍ਰਸਤਾਵ ਨੂੰ ਲੈ ਕੇ ਅਮਰੀਕੀ ਸੰਸਦ ਵਿਚ ਤਿੱਖੀ ਬਹਿਸ ਛਿੜ ਗਈ ਹੈ। ਵਿਰੋਧੀ ਡੈਮੋਕ੍ਰੇਟਸ ਨੇ ਇਸ ਨੂੰ 'ਪਸੰਦ ਦੀ ਜੰਗ' ਦੱਸਦੇ ਹੋਏ ਇਲਜ਼ਾਮ ਲਾਇਆ ਕਿ ਇਹ ਟਕਰਾਅ ਬਿਨਾਂ ਕਿਸੇ ਸਪੱਸ਼ਟ ਸੰਸਦੀ ਮਨਜ਼ੂਰੀ ਦੇ ਸ਼ੁਰੂ ਕੀਤਾ ਗਿਆ ਸੀ। ਉਨ੍ਹਾਂ ਦਾ ਕਹਿਣਾ ਹੈ ਕਿ ਹੁਣ ਇਸ ਜੰਗ ਲਈ ਜਨਤਾ ਦੇ ਟੈਕਸ ਦਾ ਭਾਰੀ ਪੈਸਾ ਖਰਚ ਕੀਤਾ ਜਾ ਰਿਹਾ ਹੈ। ਦੂਜੇ ਪਾਸੇ, ਸਰਕਾਰ ਦਾ ਪੱਖ ਹੈ ਕਿ ਇਰਾਨ ਅਤੇ ਖੇਤਰੀ ਖ਼ਤਰਿਆਂ ਦੇ ਮੱਦੇਨਜ਼ਰ ਇਹ ਖਰਚਾ ਜ਼ਰੂਰੀ ਹੈ। ਪ੍ਰਸ਼ਾਸਨ ਦੀ ਦਲੀਲ ਹੈ ਕਿ ਰਾਸ਼ਟਰੀ ਸੁਰੱਖਿਆ ਲਈ ਮਜ਼ਬੂਤ ਫੌਜੀ ਢਾਂਚਾ ਲਾਜ਼ਮੀ ਹੈ ਅਤੇ ਇਸ ਵਿਚ ਦੇਰੀ ਜਾਂ ਕਟੌਤੀ ਜ਼ੋਖਮ ਭਰੀ ਹੋ ਸਕਦੀ ਹੈ।


17 SECTOR
Fashion & Fabrics
- ਨਵੇਂ ਜਨਮੇ ਬੱਚਿਆਂ (ਕੁੜੀਆਂ ਤੇ ਮੁੰਡੇ) ਦੇ ਕੱਪੜਿਆਂ ਦੀ ਸ਼ਿਪਮੈਂਟ ਪਹੁੰਚ ਚੁੱਕੀ ਹੈ। ਇਹਨਾਂ ਤੇ ਭਾਰੀ ਸੇਲ ਲੱਗੀ ਹੈ।
- ਗਰਮ ਕੋਟ ਪੈਂਟ ਦਾ ਕੱਪੜਾ ਵੀ ਆ ਚੁੱਕਾ ਹੈ
- ਮੈਨਜ਼ ਕੁਰਤੇ ਪਜਾਮੇ, ਜੈਕਟਾਂ ਤੇ ਭਾਰੀ ਸੇਲ
- ਲੇਡੀਜ਼ ਵਾਸਤੇ ਕਸਟਮ ਸਟਿਚਡ ਸੂਟ ਸੇਲ ਤੇ
- ਕੋਈ ਵੀ ਸਮਾਨ ਦੀ ਖਰੀਦਦਾਰੀ ਤੇ ਛੋਟੇ ਬੱਚਿਆਂ ਵਾਸਤੇ ਫਰੀ ਰੁਮਾਲ ਜਾਂ ਪਟਕੇ
- ਛੋਟੀਆਂ ਕੁੜੀਆਂ ਦੇ ਨਵੇਂ ਸਟਾਇਲ ਦੇ ਸੂਟ ਪਹੁੰਚ ਗਏ ਹਨ

Special Sale
ਸਪੈਸ਼ਲ ਸੇਲ
Mens Printed Vests
1 for $50 & 3 For $100
Unstiched ਲੇਡੀਜ ਸੂਟਾਂ ਤੇ ਭਾਰੀ ਸੇਲ

ਲੇਡੀਜ ਨਾਇਰਾ ਕੱਟ ਸੂਟ ਇਕ ਲਉ ਇਕ FREE

Mens & Boys ਕੁੜਤਾ ਪਜਾਮਾ 10% ਤੋਂ 30% Off Limited Stock

ਲਹਿੰਗੇ $75 ਤੋਂ ਸ਼ੁਰੂ
ਕੁੜੀਆਂ ਦੇ ਫੈਂਸੀ ਸੂਟਾਂ ਦੀ ਭਾਰੀ ਸ਼ਿਪਮੈਂਟ ਪਹੁੰਚ ਚੁੱਕੀ ਹੈ



ਅਸੀਂ ਹਰ ਤਰਾਂ ਦੇ ਕੱਪੜਿਆਂ ਦੀ ਸਿਲਾਈ ਅਤੇ ਆਲਟਰੇਸ਼ਨ ਕਰਦੇ ਹਾਂ
(We Have All Sizes From New Born To Size 56)
#186-8138 128 St, Surrey, BC
Large Discounts On Artificial Jewellery
Ph:604.594.1788


# ਮਿਸੀਸਿਪੀ 'ਚ ਆਏ ਤੂਫ਼ਾਨ ਤੇ ਭਿਆਨਕ ਬਵੰਡਰਾਂ ਨੇ ਮਚਾਈ ਭਾਰੀ ਤਬਾਹੀ

## ਸੈਂਕੜੇ ਘਰ ਤਬਾਹ, ਬਿਜਲੀ ਗੁੱਲ ਤੇ ਕਈ ਜ਼ਖ਼ਮੀ

ਜੈਕਸਨ (ਅਮਰੀਕਾ)- ਅਮਰੀਕਾ ਦੇ ਮਿਸੀਸਿਪੀ ਸੂਬੇ ਵਿਚ ਆਏ ਸ਼ਕਤੀਸ਼ਾਲੀ ਤੂਫ਼ਾਨ ਅਤੇ ਭਿਆਨਕ ਬਵੰਡਰਾਂ ਨੇ ਭਾਰੀ ਤਬਾਹੀ ਮਚਾਈ ਹੈ। ਅਧਿਕਾਰੀਆਂ ਅਨੁਸਾਰ ਬੀਤੀ ਰਾਤ ਆਏ ਇਸ ਤੂਫ਼ਾਨ ਕਾਰਨ ਸੈਂਕੜੇ ਘਰ ਢਹਿ-ਢੇਰੀ ਹੋ ਗਏ, ਦਰੱਖਤ ਜੜ੍ਹੋਂ ਉੱਖੜ ਗਏ ਅਤੇ ਬਿਜਲੀ ਦੀਆਂ ਲਾਈਨਾਂ ਕੱਟੀਆਂ ਗਈਆਂ ਹਨ। ਪ੍ਰਾਪਤ ਜਾਣਕਾਰੀ ਅਨੁਸਾਰ, ਸਭ ਤੋਂ ਵੱਧ ਪ੍ਰਭਾਵਿਤ ਇਲਾਕਿਆਂ ਵਿਚ ਲਿੰਕਨ ਕਾਉਂਟੀ ਦੀ ਬੋਗ ਚਿੱਟੋ ਕਮਿਊਨਿਟੀ ਸ਼ਾਮਲ ਹੈ, ਜਿੱਥੇ ਇੱਕ ਮੋਬਾਈਲ ਹੋਮ ਪਾਰਕ ਬੁਰੀ ਤਰ੍ਹਾਂ ਨੁਕਸਾਨਿਆ ਗਿਆ ਹੈ।

ਰਾਸ਼ਟਰੀ ਮੌਸਮ ਸੇਵਾ ਨੇ ਦੱਸਿਆ ਕਿ ਇੱਕ "ਬਹੁਤ ਵੱਡਾ ਅਤੇ ਖ਼ਤਰਨਾਕ ਬਵੰਡਰ" ਪੂਰਬੀ ਲਿੰਕਨ ਕਾਉਂਟੀ ਤੋਂ ਹੁੰਦਾ ਹੋਇਆ ਲਾਰੈਂਸ ਕਾਉਂਟੀ ਵੱਲ ਵਧਿਆ। ਹਾਲਾਂਕਿ ਰਾਹਤ ਵਾਲੀ ਗੱਲ ਇਹ ਰਹੀ ਕਿ ਅਜੇ ਤੱਕ ਕਿਸੇ ਦੀ ਮੌਤ ਹੋਣ ਦੀ ਕੋਈ ਖ਼ਬਰ ਨਹੀਂ ਹੈ, ਪਰ ਕਈ ਲੋਕਾਂ ਦੇ ਜ਼ਖ਼ਮੀ ਹੋਣ ਦੀ ਸੂਚਨਾ ਹੈ। ਸਥਾਨਕ ਨਿਵਾਸੀਆਂ ਅਨੁਸਾਰ ਕੁਝ ਲੋਕਾਂ ਦੇ ਮਾਮੂਲੀ ਸੱਟਾਂ ਲੱਗੀਆਂ ਹਨ, ਜਦਕਿ ਇੱਕ ਬਜ਼ੁਰਗ ਮਹਿਲਾ ਦੇ ਗਿੱਟੇ 'ਤੇ ਸੱਟ ਲੱਗੀ ਹੈ।

ਮਿਸੀਸਿਪੀ ਦੇ ਗਵਰਨਰ ਟੇਟ ਰੀਵਜ਼ ਨੇ ਦੱਸਿਆ ਕਿ ਸੂਬੇ ਦੇ ਮੱਧ ਅਤੇ ਪੱਛਮੀ ਹਿੱਸਿਆਂ ਵਿਚ ਕਈ ਬਵੰਡਰ ਦਰਜ ਕੀਤੇ ਗਏ ਹਨ। ਉਨ੍ਹਾਂ ਨੇ ਸੋਸ਼ਲ ਮੀਡੀਆ 'ਤੇ ਪੋਸਟ ਕਰਦਿਆਂ ਲੋਕਾਂ ਨੂੰ ਅਪੀਲ ਕੀਤੀ ਕਿ ਉਹ "ਮਿਸੀਸਿਪੀ ਲਈ ਪ੍ਰਾਰਥਨਾ ਕਰਨ"। ਸੂਬਾਈ ਐਮਰਜੈਂਸੀ ਮੈਨੇਜਮੈਂਟ ਏਜੰਸੀ ਰਾਹਤ ਕਾਰਜਾਂ ਵਿਚ ਜੁਟੀ ਹੋਈ ਹੈ ਅਤੇ ਫਿਲਹਾਲ ਨੁਕਸਾਨ ਦਾ ਜਾਇਜ਼ਾ ਲਿਆ ਜਾ ਰਿਹਾ ਹੈ। ਪ੍ਰਸ਼ਾਸਨ ਨੇ ਲੋਕਾਂ ਨੂੰ ਅਪੀਲ ਕੀਤੀ ਹੈ ਕਿ ਉਹ ਪ੍ਰਭਾਵਿਤ ਇਲਾਕਿਆਂ ਵਿਚ ਸੈਰ-ਸਪਾਟੇ ਲਈ ਜਾਣ ਤੋਂ ਪਰਹੇਜ਼ ਕਰਨ, ਤਾਂ ਜੋ ਰਾਹਤ ਟੀਮਾਂ ਨੂੰ ਬੰਦ ਪਏ ਰਸਤੇ ਖੋਲ੍ਹਣ ਵਿਚ ਦਿੱਕਤ ਨਾ ਆਵੇ। ਮੌਸਮ ਵਿਭਾਗ ਨੇ ਚੇਤਾਵਨੀ ਦਿੱਤੀ ਹੈ ਕਿ ਵੀਰਵਾਰ ਨੂੰ ਵੀ ਅਲਾਬਾਮਾ, ਜਾਰਜੀਆ ਅਤੇ ਫਲੋਰਿਡਾ ਦੇ ਕਈ ਹਿੱਸਿਆਂ ਵਿਚ ਬਵੰਡਰ ਆਉਣ ਦੀ ਸੰਭਾਵਨਾ ਹੈ। ਇਸ ਤੋਂ ਇਲਾਵਾ ਟੈਕਸਾਸ ਅਤੇ ਕੈਰੋਲੀਨਾ ਵਿਚ ਵੀ ਤੇਜ਼ ਤੂਫ਼ਾਨ ਆਉਣ ਦਾ ਖ਼ਦਸ਼ਾ ਜਤਾਇਆ ਗਿਆ ਹੈ।


ਗੁਰੂ ਨਾਨਕ ਗੁਰਸਿੱਖ ਗੁਰਦੁਆਰਾ
ਲਿੰਡਨ (ਬੈਲਿੰਗਹੈਮ), WA (ਯੂ.ਐਸ.ਏ) (USA)
176 E Pole Road / 6934 Meridian St
Lynden, WA. 98264 (Bellingham)



10 ਮਈ ਦਿਨ ਐਤਵਾਰ ਸਤਿੰਦਰਪਾਲ ਸਿੰਘ ਪਰਿਵਾਰ ਵੱਲੋਂ ਸਹਿਜ ਪਾਠ ਦੇ ਭੋਗ ਪਾਏ ਜਾਣਗੇ ਅਤੇ ਲੰਗਰਾਂ ਦੀ ਸੇਵਾ ਹੋਵੇਗੀ।
ਮੁੱਖ ਸੇਵਾਦਾਰ:ਪਰਮਜੀਤ ਸਿੰਘ ਕੁਲਾਰ: 360-733-6444, ਮੁੱਖ ਵਜ਼ੀਰ ਗਿਆਨੀ ਹਰੀ ਸਿੰਘ ਜੀ 360-398-1184
ਵੱਲੋਂ:ਗੁ. ਪ੍ਰਬੰਧਕ ਕਮੇਟੀ ਤੇ ਸਮੂੰਹ ਇਲਾਕਾ ਨਿਵਾਸੀ

# ਅੰਮ੍ਰਿਤਪਾਲ ਸਿੰਘ ਮਾਮਲੇ 'ਚ ਸੈਸ਼ਨ ਕੋਰਟ 'ਚ ਸੁਣਵਾਈ, ਡਿਸਚਾਰਜ ਅਰਜ਼ੀ 'ਤੇ ਨੋਟਿਸ ਜਾਰੀ

ਅੰਮ੍ਰਿਤਸਰ- ਖਡੂਰ ਸਾਹਿਬ ਤੋਂ ਸੰਸਦ ਮੈਂਬਰ ਅੰਮ੍ਰਿਤਪਾਲ ਸਿੰਘ ਨਾਲ ਸੰਬੰਧਿਤ ਮਾਮਲੇ ਦੀ ਅੱਜ ਅੰਮ੍ਰਿਤਸਰ ਸੈਸ਼ਨ ਕੋਰਟ ਵਿਚ ਸੁਣਵਾਈ ਹੋਈ। ਇਸ ਦੌਰਾਨ ਅੰਮ੍ਰਿਤਪਾਲ ਸਿੰਘ ਵੱਲੋਂ ਉਨ੍ਹਾਂ ਦੇ ਵਕੀਲ ਰੀਤੂ ਰਾਜ ਸਿੰਘ ਸੰਧੂ ਅਦਾਲਤ ਵਿਚ ਪੇਸ਼ ਹੋਏ। ਸੁਣਵਾਈ ਤੋਂ ਬਾਅਦ ਮੀਡੀਆ ਨਾਲ ਗੱਲਬਾਤ ਕਰਦਿਆਂ ਵਕੀਲ ਸੰਧੂ ਨੇ ਦੱਸਿਆ ਕਿ ਅੱਜ ਦੀ ਤਾਰੀਖ ਦੌਰਾਨ ਉਨ੍ਹਾਂ ਵੱਲੋਂ ਅਦਾਲਤ ਵਿਚ ਇੱਕ ਅਹਿਮ ਅਰਜ਼ੀ ਦਾਇਰ ਕੀਤੀ ਗਈ ਹੈ, ਜਿਸ 'ਚ ਅੰਮ੍ਰਿਤਪਾਲ ਸਿੰਘ 'ਤੇ ਲਗਾਏ ਗਏ ਚਾਰਜਾਂ ਨੂੰ "ਬੇਬੁਨਿਆਦ" ਦੱਸਦਿਆਂ ਉਨ੍ਹਾਂ ਨੂੰ ਡਿਸਚਾਰਜ ਕਰਨ ਦੀ ਮੰਗ ਕੀਤੀ ਗਈ ਹੈ।

ਵਕੀਲ ਨੇ ਦੱਸਿਆ ਕਿ ਉਨ੍ਹਾਂ ਨੇ ਚਲਾਨ ਅਤੇ ਕੇਸ ਨਾਲ ਜੁੜੇ ਸਾਰੇ ਦਸਤਾਵੇਜ਼ਾਂ ਦਾ ਅਧਿਐਨ ਕਰਨ ਤੋਂ ਬਾਅਦ ਅਦਾਲਤ ਵਿਚ ਵਿਸਥਾਰ ਨਾਲ ਆਪਣੀ ਅਰਜ਼ੀ ਦਾਇਰ ਕੀਤੀ ਹੈ। ਉਨ੍ਹਾਂ ਕਿਹਾ ਕਿ ਜਿਨ੍ਹਾਂ ਧਾਰਾਵਾਂ ਤਹਿਤ ਚਾਰਜ ਲਗਾਏ ਗਏ ਹਨ, ਉਹ ਤੱਥਾਂ ਅਤੇ ਸਬੂਤਾਂ ਦੇ ਆਧਾਰ 'ਤੇ ਠੀਕ ਨਹੀਂ ਬਣਦੇ ਅਤੇ ਇਸ ਲਈ ਅਦਾਲਤ ਨੂੰ ਅੰਮ੍ਰਿਤਪਾਲ ਨੂੰ ਇਨ੍ਹਾਂ ਚਾਰਜਾਂ ਤੋਂ ਬਰੀ ਕਰਨਾ ਚਾਹੀਦਾ ਹੈ। ਰੀਤੂ ਰਾਜ ਸਿੰਘ ਸੰਧੂ ਨੇ ਦੱਸਿਆ ਕਿ ਅਦਾਲਤ ਵੱਲੋਂ ਹੁਣ ਇਸ ਅਰਜ਼ੀ 'ਤੇ ਸਟੇਟ ਨੂੰ ਜਵਾਬ ਦਾਇਰ ਕਰਨ ਲਈ ਸਮਾਂ ਦਿੱਤਾ ਗਿਆ ਹੈ। ਸਟੇਟ ਪੱਖ ਵੱਲੋਂ 11 ਮਈ ਨੂੰ ਆਪਣਾ ਰਿਪਲਾਈ ਫਾਈਲ ਕੀਤਾ ਜਾਵੇਗਾ, ਜਿਸ ਤੋਂ ਬਾਅਦ ਅਗਲੀ ਕਾਰਵਾਈ ਅਦਾਲਤ ਵੱਲੋਂ ਕੀਤੀ ਜਾਵੇਗੀ। ਉਨ੍ਹਾਂ ਇਹ ਵੀ ਦੱਸਿਆ ਕਿ ਅੰਮ੍ਰਿਤਪਾਲ ਸਿੰਘ ਦੀ ਹਾਜ਼ਰੀ ਲਗਾਤਾਰ ਵੀਡੀਓ ਕਾਨਫਰੰਸਿੰਗ ਰਾਹੀਂ ਲਗਾਈ ਜਾ ਰਹੀ ਹੈ। ਵਕੀਲ ਮੁਤਾਬਕ ਉਹ ਇਸ ਸਮੇਂ ਵੀ ਉਸੇ ਸੈੱਲ ਵਿਚ ਹਨ, ਜਿੱਥੇ ਪਹਿਲਾਂ ਰੱਖੇ ਗਏ ਸਨ ਅਤੇ ਉਨ੍ਹਾਂ ਦੀ ਸਥਿਤੀ ਵਿਚ ਕੋਈ ਵੱਡਾ ਬਦਲਾਅ ਨਹੀਂ ਕੀਤਾ ਗਿਆ।ਵਕੀਲ ਨੇ ਕਿਹਾ ਕਿ ਅਦਾਲਤੀ ਕਾਰਵਾਈ ਦੌਰਾਨ ਭਾਈ ਅੰਮ੍ਰਿਤਪਾਲ ਦੀ ਹਾਜ਼ਰੀ ਹਰ ਤਰੀਕ 'ਤੇ ਵੀਡੀਓ ਕਾਨਫਰੰਸਿੰਗ ਜ਼ਰੀਏ ਦਰਜ ਹੁੰਦੀ ਹੈ ਅਤੇ ਕਾਨੂੰਨੀ ਪ੍ਰਕਿਰਿਆ ਅਨੁਸਾਰ ਹੀ ਸਾਰੀ ਕਾਰਵਾਈ ਚੱਲ ਰਹੀ ਹੈ। ਉਨ੍ਹਾਂ ਦਾਅਵਾ ਕੀਤਾ ਕਿ ਜਾਂਚ ਦੌਰਾਨ ਕੋਈ ਨਵੀਂ ਗੰਭੀਰ ਗੱਲ ਸਾਹਮਣੇ ਨਹੀਂ ਆਈ ਅਤੇ ਕਾਨੂੰਨੀ ਤੌਰ 'ਤੇ ਉਹ ਆਪਣਾ ਪੱਖ ਮਜ਼ਬੂਤੀ ਨਾਲ ਅਦਾਲਤ ਅੱਗੇ ਰੱਖ ਰਹੇ ਹਨ।

Guardian Media
PHOTOGRAPHY & VIDEOGRAPHY
ਵਿਆਹ ਸ਼ਾਦੀ ਜਾਂ ਹੋਰ ਕਿਸੇ ਵੀ ਫੰਕਸ਼ਨ ਦੀ ਫੋਟੋਗਰਾਫੀ ਅਤੇ ਵੀਡੀਓਗਰਾਫੀ ਲਈ ਸੰਪਰਕ ਕਰੋ
CAPTURE EVERY MOMENT
Wedding Photography
Cinematic Videography
Book Your Shoot Today
Sangha 604-344-1491,
Hundal 604-880-4036,
202, 12677- 80 Ave,
Surrey, BC ,V3W 3A6

Member FDIC EQUAL HOUSING LENDER SBA Preferred Lender



Best-in-Class Banking
Built to Respect
Your Journey

Bank of Hope SBA Loans*
- Fast decisions through PLP Lender
- Long term financing up to 25 years for real estate loans, 10 years for business loans
- Low down payments as low as 10% for real estate loans
- Fully amortized payments with no balloon payments
- Closing costs financing available for eligible applicants

*All terms and conditions are subject to underwriting and credit approval.

Bank of Hope Commercial Lending
- Commercial Loans
  - Financing for retail strip centers and apartment purchases or refinances
- Term Loan Features
  - Up to 7-year installment terms
  - Fixed monthly payments (principal & interest) with full repayment at maturity
  - Lump sum disbursement
  - Fixed or variable interest rates
- Commercial Real Estate Loans & Lines of Credit
  - Ideal for purchasing or refinancing commercial properties for business owners

Top 2% SBA Lender in the U.S. by Volume‡

Brian Kang Business Banking / SVP & PNW Business Banking Regional Director
Seattle Office (425) 921-1098 Portland Office (971) 801-6275

Scan for more Info

Bank of Hope®

‡Source: SBA national lender rankings for Fiscal Year ended 09/30/2024.

Over 30 Years of Industry Experience

# MULTANI LAW GROUP

ਆਪਣੀ ਪ੍ਰੇਸ਼ਾਨੀ ਨੂੰ ਘਟਾਉਣ, ਆਪਣਾ ਹੱਕ ਲੈਣ ਅਤੇ ਆਪਣੀ ਜ਼ਿੰਦਗੀ ਨੂੰ
ਸਹੀ ਰਸਤੇ ਤੇ ਲਿਆਉਣ ਲਈ ਸਾਡੇ ਨਾਲ ਸੰਪਰਕ ਕਰੋ



Gerald F. Robison
Senior Attorney

MULTANI LAW GROUP

Jashan Multani
206-243-4219



Jashan Multani
Associate Partner

## ਅਸੀਂ ਭਰੋਸੇਯੋਗ ਕਾਨੂੰਨੀ ਸਲਾਹ ਪ੍ਰਦਾਨ ਕਰਦੇ ਹਾਂ

**Services we provide:**

- Immigration/Political Asylum
  U-Visa, Vawa,
-SIJ Guardianship Cases
- Car Accidents/Personal Injury
- Evictions

ਅਸੀਂ ਇਹ ਸੇਵਾਵਾਂ ਪ੍ਰਦਾਨ ਕਰਦੇ ਹਾਂ

–ਇੰਮੀਗਰੇਸ਼ਨ/ਪੁਲਿਟੀਕਲ ਅਸਾਈਲਮ,
ਯੂ–ਵੀਜਾ, ਵਾਅਵਾ,
–SIJ ਗਾਰਡੀਅਨਸ਼ਿਪ ਕੇਸ
–ਕਾਰ ਐਕਸੀਡੈਂਟ/ਪ੍ਰਸਨਲ ਇਨਜਰੀ
–ਕਿਰਾਏਦਾਰ ਕੱਢਣਾ

Website:multanilawgroup.com
Email:Jashan@multanilawgroup.com
Add: 13106 S. East 240th St., #110, Kent, WA 98031

ਸਿਆਟਲ ਨਿਵਾਸੀਆਂ ਦਾ ਜਾਣਿਆਂ ਪਹਿਚਾਣਿਆਂ ਤੇ ਭਰੋਸੇਮੰਦ

# USA TRAVEL

## FLY from Seattle to India

We Represent All Major Airlines

TURKISH AIRLINES

QATAR AIRWAYS القطرية

DELTA

Emirates

Lufthansa



Lowest Fare Guaranteed

We will beat any fare given in Kent/Seattle Area by Any Travel Agency

24 Hr Emergency
Call Amit Juneja: 206-992-2724



Now 2 Locations To Serve You

23609 104th Ave SE #101, Kent WA 98031
Ph: 253-867-0450 | 253-867-0451

1729 208th St Suite #202, Bothell WA 98012
Ph: 425-420-1888 | 425-420-1889

Email: info@usatravelguru.com
Website: www.usatravelguru.com

India Special FARES

USA Travel Services is your one-stop shop for all of your travel needs.

- Power of Attorney,
- Affidavits, Passports,
- Renunciations
- OCI • Notary Public •
- Translation - Hindi / Punjabi
- Uk & India Online Visa Available

- ਮੁਖਤਿਆਰਨਾਮਾ,
- ਐਫੀਡੈਵਿਟ, ਪਾਸਪੋਰਟ,
- ਓ.ਸੀ.ਆਈ.
- ਨੋਟਰੀ ਪਬਲਿਕ
- ਪੰਜਾਬੀ ਇੰਗਲਿਸ਼ ਦੀ ਟ੍ਰਾਂਸਲੇਸ਼ਨ
- ਇੰਡੀਆ ਦਾ ਵੀਜ਼ਾ ਅਤੇ ਪਾਸਪੋਰਟ ਬਣਵਾਉ



OPEN 6 DAYS A WEEK,
TUESDAY CLOSED

OPENING HOURS
Lunch hours from 11am -2:30pm
Dinner Hours from 5pm-9pm, Last Seating is 8:30pm

The Only True Punjabi (Indian) Vegetarian In Renton

← New Pabla Ready To Eat Frozen Cuisine Available →
Renton Location has Full Grocery Store & Sweet Shop
East Indian Spices, Dairy Products,
ਤੁਸੀਂ ਇਥੋਂ ਤਾਜਾ ਸਵਾਦਲੀਆਂ ਮਠਿਆਈਆਂ ਖਰੀਦ ਸਕਦੇ ਹੋ



ਪਾਬਲਾ ਇੰਡੀਅਨ ਕੁਜ਼ੀਨ ਦੀ ਰੈਂਟਨ ਵਾਲੀ ਲੋਕੇਸ਼ਨ ਤੋਂ ਤੁਸੀਂ ਹਰ ਤਰ੍ਹਾਂ ਦੀ ਭਾਰਤੀ ਗਰੌਸਰੀ, ਮਿਠਾਈ, ਇੰਡੀਅਨ ਮਸਾਲੇ ਡੇਅਰੀ ਲੈ ਸਕਦੇ ਹੋ।

# Pabla Indian Cuisine

Phone: 425-228-4625
Fax: 425-228-4629
Serving Washington for 27 years.
www.pablacuisine.com
pablacuisine@gmail.com



# PABLA PUNJABI PALACE

2nd Location Now Open in Federal Way, WA
2020 S 314th St, Federal Way, WA 98003 (Hillside Plaza)
• Marriage Parties • Birthday Parties • Mehndi Parties • Business Meetings • Any Kind Of Functions

Specials: Take out 7 Days a week
DJ, Dance Floor, Catering for
All Occasions, Big TV Screens & Family Atmosphere

Seating for 1200 people



ਹੁਣ ਤੁਸੀਂ ਇਸ ਲੋਕੇਸ਼ਨ ਤੋਂ ਇੰਡੀਅਨ ਗਰੌਸਰੀ ਅਤੇ ਮਠਿਆਈਆਂ ਵੀ ਲੈ ਸਕਦੇ ਹੋ

For booking your event Please call Jas pabla At
Ph: 206-769-5559
Email: pablajas@yahoo.com



# PIZZA STATION

15300 33rd Ave S. Suite130, Seatac WA

10% Off All Orders

ਇਥੋਂ ਤੁਸੀਂ ਤਾਜੇ ਅਦਰਕ ਧਨੀਏ ਵਾਲੇ ਪੀਜੇ ਦੇ ਨਾਲ-ਨਾਲ ਭਾਰਤੀ ਗਰੌਸਰੀ ਵੀ ਬਹੁਤ ਘੱਟ ਕੀਮਤਾਂ ਤੇ ਖਰੀਦ ਸਕਦੇ ਹੋ।



PH:206-644-4133

Sun to Thurs: 10 am-10 pm
Fri/Sat: 10 am to 11pm
Email:info@pizzastationwa.com



# Boulevard Market



ਇੰਡੀਅਨ ਗਰੌਸਰੀ ਅਤੇ ਤਾਜੀਆਂ ਸਬਜੀਆਂ/ਫਲਾਂ ਦਾ ਸਟੋਰ ਜਿੱਥੋਂ ਤੁਸੀਂ ਸਭ ਤੋਂ ਘੱਟ ਕੀਮਤਾਂ ਤੇ ਬਹੁਤ ਹੀ ਸਾਫ ਸੁਥਰੀਆਂ ਦਾਲਾਂ ਅਤੇ ਤਾਜੀਆਂ ਸਬਜੀਆਂ, ਹਰ ਪ੍ਰਕਾਰ ਦੀ ਗਰੌਸਰੀ ਖਰੀਦ ਸਕਦੇ ਹੋ, ਸਬਜੀਆਂ ਤੇ ਫਲ ਫਰੂਟ ਹਰ ਰੋਜ ਤਾਜੇ ਮੰਗਵਾਏ ਜਾਂਦੇ ਹਨ।

Opening Hours: 9 am to 9 pm (7Days Week)

PH:206-644-4010



# Space Available for your Ad

ਪੰਜਾਬ ਗਾਰਡੀਅਨ ਨਾਲ
ਐਡ ਪਾਉ ਅਤੇ ਆਪਣਾ
ਬਿਜ਼ਨਸ ਵਧਾਓ



ਪੰਜਾਬ ਗਾਰਡੀਅਨ
PUNJAB GUARDIAN
www.punjabguardian.com

Call to Advertise 604-590-5200



# TEAM ARMY

## REAL ESTATE

Specialties:Buyers's Agent
Listing Agent-Short Sale
*RESIDENTIAL *COMMERCIAL
ਕਿਸੇ ਵੀ ਤਰ੍ਹਾਂ ਦੀ ਕਮਰਸ਼ੀਅਲ ਜਾਂ ਰੈਜੀਡੈਂਸ਼ੀਅਲ ਪ੍ਰਾਪਰਟੀ ਖਰੀਦਣ ਜਾਂ ਵੇਚਣ ਲਈ ਹਮੇਸ਼ਾਂ ਯਾਦ ਰੱਖੋ।

Maj Parminder (Pari) Mann
Ex Indian Army
SKYLINE PROPERTIES, INC
Cell:425-499-9704
email:parimann@gmail.com



## MORTGAGE

Specialties:Loan Specialist
Many Financing Options Available
*RESIDENTIAL *COMMERCIAL
ਕਿਸੇ ਵੀ ਤਰ੍ਹਾਂ ਦੀ ਕਮਰਸ਼ੀਅਲ ਜਾਂ ਰੈਜੀਡੈਂਸ਼ੀਅਲ ਪ੍ਰਾਪਰਟੀ ਖਰੀਦਣ ਜਾਂ ਰੀਫਾਇਨੈਂਸਿੰਗ ਲਈ ਕਿਸੇ ਵੀ ਤਰ੍ਹਾਂ ਦੀ ਮੌਰਗੇਜ ਲੈਣ ਲਈ ਯਾਦ ਰੱਖੋ



Col Navtej Nijjar
NMLS 1484258
LA Financial Services
Cell:206-334-4035
email:nijjar.n@gmail.com

# AUBURN'S MAIN SUPERMARKET

INDIAN GROCERIES-LIQUOR-WINE

1119E Main St. Auburn, WA 98002

Store hours: Mon-Sat: 8:00 AM - 10:00 PM Sun: 8:00 AM - 9:00 PM

Lowest Prices in Town WIDE VARIETY OF FROZEN FOOD

When you spend $50 or more,get 5% discount

When you spend $100 or more,get 10% discount Discount only apply to Indian Grocery




FREE PANI-PURI FRI-SUN (12PM 5PM) ONLY 4 Pani Puri/CUSTOMER

ALL KINDS OF HOUSEHOLD UTENSILS (BARTAN) AVAILABLE

BLANKETS ARE ALSO AVAILABILE IN KING, QUEEN, TWIN SIZES

Fresh SugarCane Juice Everyday

Ph:253-249-7430, Cell:253-205-9981

www.auburnsmainsupermarket.com *All prices are marked down

# Kaurs Tax And Accounting

**Trucking Compliance**
- IFTA
- IRP Registration
- LLC Registration
- Permits and Licensing
- Drug and Alcohal
- Clearing House
- Dot Compliance
- FMCSA Compliance
- DOT Audit Support
- Heavy Highway Tax
- MCS-150

**Professional Assistance Filling**
- OCI • UK Visa
- Passport • Indian Visa
- Power Of Attorney
- Immigration Petition
- Permit & Citizenship
- Health Insurance
- Affidavit

ਇਹ ਸੇਵਾਵਾਂ ਪੰਜਾਬੀ/ਹਿੰਦੀ ਵਿੱਚ ਵੀ ਉਪਲੱਬਧ ਹਨ।

**Tax Services**
- Tax Filing & Planning
- Personal & Business
- Notary Public
- Payroll Service

ਵਧੀਆ ਅਤੇ ਭਰੋਸੇਮੰਦ ਪ੍ਰੋਫੈਸ਼ਨਲ ਅਕਾਊਂਟਿੰਗ ਅਤੇ ਟੈਕਸ ਸੇਵਾਵਾਂ ਲਈ ਸੰਪਰਕ ਕਰੋ:



Jaz Kaur Randhawa
Ph:206-472-9602
702 S Hill Park Dr Suite 202 Puyallup, WA 98373
accounting@kaurs.net
trucking@kaurs.net
Web:www.kaurs.net

# WEST CAPITAL LENDING

YOUR PREFFERRED LOCAL LENDER

- ਪੰਜਾਬੀ ਕਮਿਊਨਿਟੀ ਲਈ ਬੇਹਤਰ ਸੇਵਾਵਾਂ
- ਪਹਿਲੀ ਵਾਰ ਘਰ ਖਰੀਦਣ ਵਾਲਿਆਂ ਲਈ ਮੱਦਦ
- ਗੈਸ ਸਟੇਸ਼ਨ, ਹੋਟਲ, ਮੋਟਲ, ਰੈਸਟੋਰੈਂਟਾ ਤੇ ਹੋਰ ਛੋਟੇ ਬਿਜ਼ਨਸਾਂ ਲਈ ਵੀ ਅਸੀਂ ਮੌਰਗੇਜ ਦਾ ਪ੍ਰਬੰਧ ਕਰਦੇ ਹਾਂ

-CONVENTIONAL -FHA -VA Loans -30YR/15YR/10YR FIXED -DSCR -P&L -30 DAY SOFR ARM -1099 PROGRAM -7/6 SOFR ARMS -LOT/CUSTOM CONSTRUCTION LOAN AVAILABLE -24/12 BANK STATEMENT LOANS



KESSHAV SHARMA
BRANCH MANAGER

ਮੌਰਗੇਜ ਸੰਬੰਧੀ ਕਿਸੇ ਵੀ ਤਰ੍ਹਾਂ ਦੀ ਮੱਦਦ ਜਾਂ ਜਾਣਕਾਰੀ ਲੈਣ ਲਈ ਮੇਰੇ ਨਾਲ ਸੰਪਰਕ ਕਰੋ

ਘੱਟ ਰੇਟਾਂ ਦੀ ਗਰੰਟੀ

WEST CAPITAL LENDING

Call/text (425) 239-4517
ksharma@westcapitallending.com
westcapitallending.com
NMLS# 2468293 I NMLS# 1566096 I DRE# 02022356
24 Executive Park, Ste 250 Irvine, CA 92614

# Ready to grow your business?

Count on us for solutions.



Gifty Singh
Bellevue
400 112th Ave NE
206-909-5226

BANNER BANK

bannerbank.com Member FDIC

JAG'S PIZZA

ਇੰਡੀਅਨ ਸਟਾਈਲ ਪੀਜ਼ਾ ਮੈਰਿਸਵੈੱਲ ਵਿਚ

ਜਿੱਥੇ ਤੁਹਾਡੇ ਸਵਾਦ ਅਨੁਸਾਰ ਵਧੀਆ ਅਦਰਕ ਧਨੀਆ ਵਾਲੇ ਮਸਾਲੇਦਾਰ ਤੰਦੂਰੀ ਚਿਕਨ, ਬਟਰ ਚਿਕਨ, ਕੜਾਹੀ ਚਿਕਨ, ਸ਼ਾਹੀ ਪਨੀਰ, ਤੰਦੂਰੀ ਪਨੀਰ, ਕੜਾਹੀ ਪਨੀਰ ਅਤੇ ਹਰ ਤਰ੍ਹਾਂ ਦੇ ਵੈਜੀਟੇਰੀਅਨ ਪੀਜੇ ਬਣਾਏ ਜਾਂਦੇ ਹਨ

PH:360-386-9508

*5830 B, Grove St, Marysville, WA*
*(Inside Shell Gas Station Plaza)*

www.jagspizza.com

OPEN 7 DAYS A WEEK SUNDAY TO THURSDAY:11AM TO 10PM
FRIDAY & SATURDAY:11AM TO 11.30PM

# HG TAX AND ACCOUNTING

25228 104th AVE SE Suite 103 Kent, WA 98030

IT'S TIME TO SAVE ON YOUR TAXES

OPEN M-F: 10 AM to 6 PM
SAT: 11 AM to 4 PM
SUN: By Appointment



Harpreet Singh, J.D. (253) 202-4516

# LANCER TRUCKING LLC

21307-116TH AVE SE, KENT, WA 98031-2206

Running all across United States



Privately owned transportation company that specialized in truckload, less than truckload (LTL) and expedited service with the most competitive rates, quality service. Let us handle your load.

Ph:206-849-1313

# ਵਾਸ਼ਿੰਗਟਨ ਦਾ ਸਭ ਤੋਂ ਵੱਡਾ ਇੰਡੀਅਨ ਗਰੌਸਰੀ ਸਟੋਰ

ਇਥੋਂ ਤੁਸੀਂ ਹਰ ਤਰ੍ਹਾਂ ਦੀ ਇੰਡੀਅਨ, ਨੇਪਾਲੀ, ਫਿਜੀ, ਮਿਡਲ ਈਸਟਰਨ, ਏਸ਼ੀਅਨ ਗਰੌਸਰੀ ਲੈ ਸਕਦੇ ਹੋ

GROCERY SINGH
SAT SRI AKAL




ਇੱਥੇ ਫਰੈੱਸ਼ ਪ੍ਰੋਡਿਊਸ, ਮੀਟ, ਮਠਿਆਈਆਂ ਤੇ ਹੋਰ ਬਹੁਤ ਕੁਝ ਉਪਲਬਧ ਹੈ

We Accept EBT Benefits SNAP

Now HIRING

ਸਾਨੂੰ ਕੰਮ ਕਰਨ ਲਈ ਵਰਕਰਾਂ ਦੀ ਲੋੜ ਹੈ

1825 BROADWAY, EVERETT WA 98201
425-374-7550 / 206-786-0870